SWITCH INSURANCE
AUTO, HOME & COMMERCIAL
Commercial Vehicle Insurance
Commercial Property Insurance
Commercial General Liability (CGL)
Rental Property
905-965-7474
www.Switchinsurance.ca

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 22* Issue 193 | Friday, October 13, 2023 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਯਹੂਦੀ ਹਾਈ ਸਕੂਲ ਦੇ ਵਿਦਿਆਰਥੀਆਂ ਨੂੰ ਧਮਕੀਆਂ ਦੇਣ ਵਾਲੇ 3 ਗ੍ਰਿਫਤਾਰ

ਟੋਰਾਂਟੋ, 12 ਅਕਤੂਬਰ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਇੱਕ ਯਹੂਦੀ ਹਾਈ ਸਕੂਲ ਨੂੰ ਧਮਕੀਆਂ ਦੇਣ ਦੇ ਮਾਮਲੇ ਵਿੱਚ ਟੋਰਾਂਟੋ ਪੁਲਿਸ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਹੈ ਤੇ ਇਸ ਦੀ ਹੇਟ ਕ੍ਰਾਈਮ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਅਧਿਕਾਰੀਆਂ ਨੂੰ ਟੋਰਾਂਟੋ ਵਿੱਚ ਕਮਿਊਨਿਟੀ ਹਿਬ੍ਰਿਊ ਅਕੈਡਮੀ ਵਿੱਚ ਦੁਪਹਿਰੇ 12:30 ਵਜੇ ਤੋਂ ਬਾਅਦ ਸੱਦਿਆ ਗਿਆ। ਉਸ ਸਮੇਂ ਧਮਕੀਆਂ ਦੀ ਰਿਪੋਰਟ ਆਨਲਾਈਨ ਸਰਕੂਲੇਟ ਹੋ ਰਹੀ ਸੀ।ਟੋਰਾਂਟੋ ਪੁਲਿਸ ਨੇ ਦੱਸਿਆ ਕਿ ਤਿੰਨ ਮੇਲ ਸਕੂਲ ਵਿੱਚ ਸਨ ਤੇ ਤਿੰਨਾਂ ਨੂੰ ਸਕਿਊਰਿਟੀ ਵੱਲੋਂ ਸਕੂਲ ਛੱਡ ਕੇ ਜਾਣ ਲਈ ਆਖਿਆ ਗਿਆ। ਕੁੱਝ ਸਮੇਂ ਬਾਅਦ ਯਹੂਦੀ ਕਮਿਊਨਿਟੀ ਖਿਲਾਫ ਧਮਕੀਆਂ ਦਿੱਤੀਆਂ ਗਈਆਂ।ਇਹ ਨੇੜਲੇ ਪਲਾਜ਼ਾ ਵਿੱਚ ਕੁੱਝ ਵਿਦਿਆਰਥੀਆਂ ਨੂੰ ਸੰਬੋਧਨ ਕਰਕੇ ਦਿੱਤੀਆਂ ਗਈਆਂ।

ਪੁਲਿਸ ਇਨ੍ਹਾਂ ਤਿੰਨਾਂ ਵਿਅਕਤੀਆਂ ਦਾ ਖੁਰਾ ਖੋਜ ਲੱਭਣ ਵਿੱਚ ਕਾਮਯਾਬ ਰਹੀ ਤੇ ਤਿੰਨਾਂ ਨੂੰ ਗ੍ਰਿਫਤਾਰ ਕਰ ਲਿਆ ਗਿਆ। ਹੇਟ ਕ੍ਰਾਈਮ ਯੂਨਿਟ ਮਾਮਲੇ ਦੀ ਜਾਂਚ ਕਰ ਰਹੀ ਹੈ। ਸਕੂਲ ਦੇ ਹੈੱਡ ਜੌਨਾਥਨ ਲੈਵੀ ਨੇ ਆਖਿਆ ਕਿ ਚੈਟ ਕਦੇ ਵੀ ਲਾਕਡਾਊਨ ਵਿੱਚ ਨਹੀਂ ਗਿਆ ਤੇ ਕਲਾਸਾਂ ਜਾਰੀ ਹਨ। ਉਨ੍ਹਾਂ ਆਖਿਆ ਕਿ ਸ਼ੁੱਕਰਵਾਰ ਨੂੰ ਵੀ ਸਕੂਲ ਖੁੱਲ੍ਹੇਗਾ ਤੇ ਸਕਿਊਰਿਟੀ ਸਬੰਧੀ ਹੋਰ ਪੁਖ਼ਤਾ ਪ੍ਰਬੰਧ ਕੀਤੇ ਜਾਣਗੇ।

## ਇਜ਼ਰਾਈਲ ਤੇ ਗਾਜ਼ਾ ਲਈ ਕੈਨੇਡਾ ਮੁਹੱਈਆ ਕਰਾਵੇਗਾ 10 ਮਿਲੀਅਨ ਡਾਲਰ ਦੀ ਮਨੁੱਖਤਾਵਾਦੀ ਮਦਦ



ਓਟਵਾ, 12 ਅਕਤੂਬਰ (ਪੋਸਟ ਬਿਊਰੋ) : ਪ੍ਰਧਾਨ ਮੰਤਰੀ ਜਸਟਿਨ ਟਰੂਡੋ ਦਾ ਕਹਿਣਾ ਹੈ ਕਿ ਕੈਨੇਡਾ ਵੱਲੋਂ ਇਜ਼ਰਾਈਲ ਤੇ ਗਾਜ਼ਾ ਪੱਟੀ ਉੱਤੇ ਮਨੁੱਖਤਾਵਾਦੀ ਸਹਿਯੋਗ ਲਈ 10 ਮਿਲੀਅਨ ਡਾਲਰ ਦੀ ਮੁੱਢਲੀ ਰਕਮ ਮੁਹੱਈਆ ਕਰਵਾਈ ਜਾਵੇਗੀ।

ਉਨ੍ਹਾਂ ਇਹ ਵੀ ਆਖਿਆ ਕਿ ਅੱਜ ਏਅਰਲਿਫਟ ਕੀਤੇ ਗਏ 130 ਕੈਨੇਡੀਅਨ, ਜਿਨ੍ਹਾਂ ਨੇ ਅੱਜ ਸਵੇਰੇ ਹੀ ਤਲ ਅਵੀਵ ਛੱਡ ਦਿੱਤਾ ਸੀ ਸਹੀ ਸਲਾਮਤ ਏਥਨਜ਼ ਪਹੁੰਚ ਗਏ ਹਨ। ਫੈਡਰਲ ਸਰਕਾਰ ਨੇ ਬੁੱਧਵਾਰ ਨੂੰ ਇਹ ਆਖਿਆ ਸੀ ਕਿ ਫਲਾਈਟਸ 150 ਪੈਸੈਂਜਰਜ਼ ਨੂੰ ਲੈ ਕੇ ਅੱਜ ਤੋਂ ਰਵਾਨਾ ਹੋਣੀਆਂ ਸ਼ੁਰੂ ਹੋ ਜਾਣਗੀਆਂ। ਅਧਿਕਾਰੀਆਂ ਨੇ ਦੱਸਿਆ ਕਿ ਸ਼ਨਿੱਚਰਵਾਰ ਨੂੰ ਲੜਾਈ ਸ਼ੁਰੂ ਹੋਣ ਤੋਂ ਬਾਅਦ 700 ਦੇ ਨੇੜੇ ਤੇੜੇ ਕੈਨੇਡੀਅਨਜ਼ ਨੇ ਇਜ਼ਰਾਈਲ ਤੋਂ ਬਾਹਰ ਕੱਢੇ ਜਾਣ ਲਈ ਮਦਦ ਮੰਗੀ ਸੀ।

ਕੈਨੇਡਾ ਆਮ ਤੌਰ ਉੱਤੇ ਓਦੋਂ ਮਿਲਟਰੀ ਏਅਰ ਟਰਾਂਸਪੋਰਟੇਸ਼ਨ ਮੁਹੱਈਆ ਨਹੀਂ ਕਰਵਾਉਂਦਾ ਜਦੋਂ ਅਜੇ ਕਮਰਸ਼ੀਅਲ ਫਲਾਈਟਸ ਕੰਮ ਕਰ ਰਹੀਆਂ ਹੋਣ ਪਰ ਸਰਕਾਰ ਨੇ ਆਖਿਆ ਕਿ ਲੋਕਾਂ ਵੱਲੋਂ ਇਸ ਲਈ ਉਨ੍ਹਾਂ ਤੋਂ ਮਦਦ ਮੰਗੀ ਜਾ ਰਹੀ ਹੈ ਕਿਉਂਕਿ ਉਨ੍ਹਾਂ ਨੂੰ ਟਿਕਟਾਂ ਲੈਣਾ ਕਾਫੀ ਮੁਸ਼ਕਲ ਹੋਇਆ ਪਿਆ ਹੈ।

## ਵਿਦਿਆਰਥੀ ਉਤੇ ਸਕੂਲ ਦੇ ਬਾਹਰ ਚਾਕੂ ਨਾਲ ਕੀਤਾ ਗਿਆ ਹਮਲਾ



ਸਕਾਰਬਰੋ, 12 ਅਕਤੂਬਰ (ਪੋਸਟ ਬਿਊਰੋ) : ਵੀਰਵਾਰ ਨੂੰ ਸਕੂਲ ਦੇ ਬਾਹਰ ਛੁਰੇਬਾਜੀ ਦੀ ਵਾਪਰੀ ਘਟਨਾ ਵਿੱਚ ਸਕਾਰਬਰੋ ਦੇ ਹਾਈ ਸਕੂਲ ਦਾ ਇੱਕ ਵਿਦਿਆਰਥੀ ਜਖਮੀ ਹੋ ਗਿਆ।

ਟੋਰਾਂਟੋ ਪੁਲਿਸ ਨੂੰ ਛੁਰੇਬਾਜ਼ੀ ਦੀ ਖਬਰ ਦੇ ਕੇ ਦੁਪਹਿਰੇ 1:30 ਵਜੇ ਮਿੱਡਲੈਂਡ ਐਵਨਿਊ ਤੇ ਲਾਅਰੈਂਸ ਐਵਨਿਊ ਈਸਟ ਵਿੱਚ ਡੇਵਿਡ ਐਂਡ ਮੇਰੀ ਥੌਮਸਨ ਕਾਲਜੀਏਟ ਇੰਸਟੀਚਿਊਟ ਸੱਦਿਆ ਗਿਆ।ਅਧਿਕਾਰੀਆਂ ਨੇ ਦੱਸਿਆ ਕਿ ਇੱਕ ਵਿਦਿਆਰਥੀ ਉੱਤੇ ਸਕੂਲ ਦੇ ਬਾਹਰ ਪਰ ਸਕੂਲ ਦੀ ਪ੍ਰਾਪਰਟੀ ਉੱਤੇ ਹਮਲਾ ਕੀਤਾ ਗਿਆ ਤੇ ਉਸ ਉੱਤੇ ਚਾਕੂ ਨਾਲ ਵਾਰ ਕੀਤੇ ਗਏ। ਦੋ ਮਸ਼ਕੂਕ, ਜਿਨ੍ਹਾਂ ਬਾਰੇ ਬਾਅਦ ਵਿੱਚ ਵਿਦਿਆਰਥੀ ਹੋਣ ਦੀ ਪੁਸਟੀ ਕੀਤੀ ਗਈ, ਨੂੰ ਮੌਕੇ ਉੱਤੇ ਹੀ ਗ੍ਰਿਫਤਾਰ ਕਰ ਲਿਆ ਗਿਆ।

ਟੋਰਾਂਟੋ ਪੈਰਾਮੈਡਿਕਸ ਨੇ ਦੱਸਿਆ ਕਿ ਜ਼ਖ਼ਮੀ ਵਿਦਿਆਰਥੀ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ।

## ਟੇਜ਼ਰ ਨਾਲ ਬੈਂਕ ਮੁਲਾਜ਼ਮਾਂ ਨੂੰ ਧਮਕਾਉਣ ਵਾਲੀ ਮਹਿਲਾ ਦੀ ਪੁਲਿਸ ਕਰ ਰਹੀ ਹੈ ਭਾਲ



ਟੋਰਾਂਟੋ, 12 ਅਕਤੂਬਰ (ਪੋਸਟ ਬਿਊਰੋ) : ਪਿਛਲੇ ਮਹੀਨੇ ਉੱਤਰੀ ਟੋਰਾਂਟੋ ਦੇ ਬੈਂਕ ਵਿੱਚ ਗੜਬੜੀ ਕਰਨ ਵਾਲੀ ਮਹਿਲਾ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਇਸ ਮਹਿਲਾ ਨੇ ਕਥਿਤ ਤੌਰ ਉੱਤੇ ਟੇਜ਼ਰ ਕੱਢ ਕੇ ਬੈਂਕ ਦੇ ਮੁਲਾਜ਼ਮਾਂ ਨੂੰ ਧਮਕਾਇਆ ਸੀ।

ਵੀਰਵਾਰ ਨੂੰ ਜਾਰੀ ਕੀਤੀ ਨਿਊਜ਼ ਰਲੀਜ਼ ਵਿੱਚ ਟੋਰਾਂਟੋ ਪੁਲਿਸ ਨੇ ਦੱਸਿਆ ਕਿ ਨੌਰਥ ਯੌਰਕ ਦੇ ਨਿਊਟਨਬਰੁੱਕ ਏਰੀਆ ਵਿੱਚ ਸਥਿਤ ਇੱਕ ਫਾਇਨਾਂਸ਼ੀਅਲ ਇੰਸਟੀਚਿਊਸ਼ਨ ਵਿੱਚ ਪੁਲਿਸ ਅਧਿਕਾਰੀਆਂ ਨੂੰ ਸੱਦਿਆ ਗਿਆ। ਇਹ ਇੰਸਟੀਚਿਊਸਨ ਬਾਥਰਸਟ ਸਟਰੀਟ ਤੇ ਸਟੀਲਜ਼ ਐਵਨਿਊ ਦੇ ਨੇੜੇ ਹੈ। ਦੁਪਹਿਰੇ 2:45 ਉੱਤੇ ਕਿਸੇ ਸ਼ਖ਼ਸ ਵੱਲੋਂ ਧਮਕੀਆਂ ਦੇਣ ਦੀ ਗੱਲ ਆਖੀ ਗਈ।

ਪੁਲਿਸ ਨੇ ਦੱਸਿਆ ਕਿ ਇੱਕ ਮਹਿਲਾ ਜੋ ਕਿ ਆਪਣੇ 20ਵਿਆਂ ਤੋਂ 30ਵਿਆਂ ਦਰਮਿਆਨ ਸੀ,ਬੈਂਕ ਵਿੱਚ ਦਾਖਲ ਹੋਈ ਤੇ ਉਸ ਨੇ ਇੱਕ ਨੋਟ ਸਟਾਫ ਨੂੰ ਵਿਖਾਇਆ। ਜਾਂਚਕਾਰਾਂ ਨੇ ਇਹ ਨਹੀਂ ਦੱਸਿਆ ਕਿ ਉਸ ਨੋਟ ਉੱਤੇ ਕੀ ਲਿਖਿਆ ਸੀ। ਫਿਰ ਮਸ਼ਕੂਕ ਨੇ ਗੜਬੜੀ ਕਰਨੀ ਸ਼ੁਰੂ ਕਰ ਦਿੱਤੀ। ਉਸ ਨੇ ਟੇਜ਼ਰ ਕੱਢ ਕੇ ਮੁਲਾਜ਼ਮਾਂ ਨੂੰ ਧਮਕਾਇਆ। ਮੌਕੇ ਤੋਂ ਜਾਣ ਤੋਂ ਪਹਿਲਾਂ ਇਸ ਮਹਿਲਾ ਨੇ ਕਾਫੀ ਲੋਕਾਂ ਨੂੰ ਡਰਾ ਦਿੱਤਾ। ਪੁਲਿਸ ਨੇ ਦੱਸਿਆ ਕਿ ਇਸ ਘਟਨਾ ਵਿੱਚ ਕੋਈ ਜ਼ਖ਼ਮੀ ਨਹੀਂ ਹੋਇਆ।

ਮਸ਼ਕੂਕ ਮਹਿਲਾ ਦੀਆਂ ਤਸਵੀਰਾਂ ਪੁਲਿਸ ਵੱਲੋਂ ਜਾਰੀ ਕਰ ਦਿੱਤੀਆਂ ਗਈਆਂ ਹਨ ਤੇ ਪੁਲਿਸ ਤੇਜ਼ੀ ਨਾਲ ਇਸ ਦੀ ਭਾਲ ਕਰ ਰਹੀ ਹੈ।

## ਦੋ ਟਰੱਕਾਂ ਵਿੱਚ ਹੋਈ ਟੱਕਰ ਕਾਰਨ ਹਾਈਵੇਅ 401 ਦੀਆਂ ਐਕਸਪ੍ਰੈੱਸ ਲੇਨਜ਼ ਹੋਈਆਂ ਬੰਦ



ਟੋਰਾਂਟੋ, 12 ਅਕਤੂਬਰ (ਪੋਸਟ ਬਿਊਰੋ) : ਵੀਰਵਾਰ ਸਵੇਰੇ ਦੋ ਟਰੱਕਾਂ ਦੀ ਹੋਈ ਜ਼ਬਰਦਸਤ ਟੱਕਰ ਕਾਰਨ ਟੋਰਾਂਟੋ ਵਿੱਚ ਹਾਈਵੇਅ 401 ਦਾ ਕੁੱਝ ਹਿੱਸਾ ਬੰਦ ਹੋ ਗਿਆ।

ਟੋਰਾਂਟੋ ਫਾਇਰ ਵੱਲੋਂ ਇਸ ਗੱਲ ਦੀ ਪੁਸ਼ਟੀ ਕੀਤੀ ਗਈ ਹੈ ਕਿ ਦੋ ਟਰੈਕਟਰ ਟਰੇਲਰਜ਼ ਦਰਮਿਆਨ ਹੋਈ ਇਸ ਟੱਕਰ ਕਾਰਨ ਇੱਕ ਟਰੱਕ ਨੂੰ ਅੱਗ ਲੱਗ ਗਈ। ਇਹ ਹਾਦਸਾ ਸਵੇਰੇ 6:15 ਵਜੇ ਦੇ ਨੇੜੇ ਤੇੜੇ ਐਵਨਿਊ ਰੋਡ ਵੱਲ ਜਾਣ ਵਾਲੀਆਂ ਐਕਸਪ੍ਰੈੱਸ ਲੇਨਜ਼ ਵਿੱਚ ਵਾਪਰਿਆ।ਅੱਗ ਉੱਤੇ ਕਾਬੂ ਪਾਉਣ ਲਈ ਐਮਰਜੰਸੀ ਅਮਲਾ ਮੌਕੇ ਉੱਤੇ ਮੌਜੂਦ ਹੈ। ਫਾਇਰ ਅਧਿਕਾਰੀਆਂ ਨੇ ਦੱਸਿਆ ਕਿ ਟਰੱਕ ਦਾ ਸਿਰਫ ਸਾਹਮਣੇ ਵਾਲੇ ਹਿੱਸੇ ਵਿੱਚ ਹੀ ਅੱਗ ਲੱਗੀ, ਟਰੇਲਰ ਵਾਲੇ ਹਿੱਸੇ ਵਿੱਚ ਅੱਗ ਨਹੀਂ ਲੱਗੀ।

ਖਬਰ ਲਿਖੇ ਜਾਣ ਤੱਕ ਅੱਗ ਉੱਤੇ ਕਾਫੀ ਹੱਦ ਤੱਕ ਕਾਬੂ ਪਾ ਲਿਆ ਗਿਆ ਸੀ। ਇਸ ਹਾਦਸੇ ਵਿੱਚ ਕਿਸੇ ਦੇ ਜ਼ਖ਼ਮੀ ਹੋਣ ਦੀ ਕੋਈ ਖਬਰ ਨਹੀਂ ਹੈ। ਐਲਨ ਰੋਡ ਤੋਂ ਐਵਨਿਊ ਰੋਡ ਤੱਕ 401 ਐਕਸਪ੍ਰੈੱਸ ਲੇਨਜ਼ ਦਾ ਪੂਰਬ ਵਾਲਾ ਹਿੱਸਾ ਬੰਦ ਰਹੇਗਾ। ਇਸ ਨੂੰ ਕਦੋਂ ਖੋਲ੍ਹਿਆ ਜਾਵੇਗਾ ਇਸ ਬਾਰੇ ਕੋਈ ਜਾਣਕਾਰੀ ਨਹੀਂ ਦਿੱਤੀ ਗਈ ਹੈ।

## ਟੋਰਾਂਟੋ ਪੁਲਿਸ ਨੇ ਯਹੂਦੀ ਕਮਿਊਨਿਟੀਜ਼ ਵਿਚ ਗਸ਼ਤ ਕੀਤੀ ਤੇਜ਼



ਟੋਰਾਂਟੋ, 12 ਅਕਤੂਬਰ (ਪੋਸਟ ਬਿਊਰੋ) : ਟੋਰਾਂਟੋ ਪੁਲਿਸ ਵੱਲੋਂ ਯਹੂਦੀ ਕਮਿਊਨਿਟੀਜ਼ ਤੇ ਉਨ੍ਹਾਂ ਦੀਆਂ ਧਾਰਮਿਕ ਥਾਂਵਾਂ ਉੱਤੇ ਸਕਿਊਰਿਟੀ ਵਧਾਉਣ ਦੀ ਯੋਜਨਾ ਬਣਾਈ ਗਈ ਹੈ। ਪਰ ਇਸ ਕਮਿਊਨਿਟੀ ਨੂੰ ਕਿਸੇ ਕਿਸਮ ਦਾ ਕੋਈ ਖ਼ਤਰਾ ਹੈ ਇਸ ਬਾਰੇ ਅਜੇ ਕੋਈ ਸਬੂਤ ਨਹੀਂ ਮਿਲਿਆ ਹੈ।

ਬੁੱਧਵਾਰ ਰਾਤ ਨੂੰ ਜਾਰੀ ਕੀਤੇ ਗਏ ਬਿਆਨ ਵਿੱਚ ਟੋਰਾਂਟੋ ਪੁਲਿਸ ਸਰਵਿਸ (ਟੀਪੀਐਸ) ਨੇ ਆਖਿਆ ਕਿ ਕਮਿਊਨਿਟੀ ਦੇ ਆਗੂਆਂ ਵੱਲੋਂ ਇਹ ਆਖਿਆ ਜਾ ਰਿਹਾ ਹੈ ਕਿ ਮੱਧਪੂਰਬ ਵਿੱਚ ਜਾਰੀ ਜੰਗ ਕਾਰਨ ਕਮਿਊਨਿਟੀ ਵਿੱਚ ਸਹਿਮ ਪਾਇਆ ਜਾ ਰਿਹਾ ਹੈ।

ਪੁਲਿਸ ਦਾ ਕਹਿਣਾ ਹੈ ਕਿ ਸ਼ੁੱਕਰਵਾਰ ਨੂੰ ਹੋਣ ਵਾਲੇ ਈਵੈਂਟਸ ਲਈ ਆਨਲਾਈਨ ਸਰਕੂਲੇਟ ਹੋ ਰਹੀਆਂ ਧਮਕੀਆਂ ਤੋਂ ਉਨ੍ਹਾਂ ਨੂੰ ਜਾਣੂ ਕਰਵਾਇਆ ਗਿਆ ਹੈ।

ਇਸ ਦੌਰਾਨ ਕਲਚਰਲ ਸੈਂਟਰਜ਼, ਯਹੂਦੀਆਂ ਦੀਆਂ ਪ੍ਰਾਰਥਨਾ ਵਾਲੀਆਂ ਥਾਂਵਾਂ, ਮਸਜਿਦਾਂ ਤੇ ਹੋਰਨਾਂ ਧਾਰਮਿਕ ਥਾਂਵਾਂ ਦੇ ਆਲੇ ਦੁਆਲੇ ਗਸ਼ਤ ਵਧਾਈ ਜਾਵੇਗੀ। ਟੀਪੀਐਸ ਵੱਲੋਂ ਜਾਰੀ ਕੀਤੇ ਬਿਆਨ ਵਿੱਚ ਆਖਿਆ ਗਿਆ ਹੈ ਕਿ ਜੇ ਕਿਸੇ ਨੂੰ ਹੇਟ ਨਾਲ ਸਬੰਧਤ ਕੋਈ ਵੀ ਘਟਨਾ ਵੇਖਣ ਸੁਣਨ ਨੂੰ ਮਿਲਦੀ ਹੈ ਤਾਂ ਉਸ ਦੀ ਜਾਣਕਾਰੀ ਤੁਰੰਤ ਪੁਲਿਸ ਨੂੰ ਦਿੱਤੀ ਜਾਵੇ।ਜ਼ਿਕਰਯੋਗ ਹੈ ਕਿ ਸੋਮਵਾਰ ਨੂੰ ਫਲਸਤੀਨੀ ਤੇ ਇਜ਼ਰਾਈਲੀ ਕਮਿਊਨਿਟੀਜ਼ ਨਾਲ ਇੱਕਜੁੱਟਤਾ ਦਾ ਪ੍ਰਗਟਾਵਾ ਕਰਨ ਲਈ ਕਈ ਤਰ੍ਹਾਂ ਦੇ ਮੁਜ਼ਾਹਰੇ ਕੀਤੇ ਗਏ।

NOW HIRING !!!
ALLKIND INSURANCE
- Life Insurance
- Critical illness Ins
- Travel & Visitor Ins
- RESP & TFSA & RRSP
- Super Visa Insurance
- Mortgage Insurance
- Disability Insurance
- Funeral Insurance
SIMRAN SAINI
416.994.7272
www.allkindinsurance.com

Allstate. You're in good hands.
Insurance
Shawn Bukiwal
Allstate Sales Agent
Waterdown Agency

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

MagGas Medical Brampton
MGM
MAGGAS MEDICAL INC.
Helping you breathe deep and rest easy.
- CPAP machines, masks and supplies
- Free consultations
- 30 day mask exchange
- Free deliveries
(647) 954-9885
20 Maritime Ont Blvd Unit 15
Brampton, ON L6S 0C2

SUPER VISA INSURANCE EXPERTS
Punjab Insurance Inc
- Disability Insurance
- Mortgage Insurance
- Life Insurance
- Visitor & Travel Insurance
- RESP(Education Plan)
- Critical Illness Insurance
RANJIT GILL
Insurance Advisor
Ph: 416.724.5000
7003 Steeles Ave. W, Unit 10, Etobicoke, ON, M9W 0A2
gill@punjabinsurance.ca

PEST PROBLEM ?
Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE
647.990.3205
KSG Pest Control Inc.
Residential, Commercial
www.ksgpestcontrol.ca
ksgpestcontrol@gmail.com
Amarjeet Singh Gill
Certified & Licenced Exterminator

Royal Pest Control
Residential Commercial Industrial
Specialist in Bedbugs Service
All Pest Control :
- Mouse & Rats
- Spiders & Fleas
- Bedbugs
- Wasps
- Cockroaches
- Carpenter Ants
- Silver Fish
- Racoons
Call : PARESH PATEL
(Government Approved Licensed Technician)
416 938 4598

INSURANCE
- Home
- Auto
- Business
- Trucking
- Life Insurance
- Commercial
647-206-2452
Sukhwinder K Singh
CONNEX
7050A Bramalea Rd, Unit # 13, Mississauga, ON L5S 1T1

AUTO & HOME INSURANCE
- Super visa Insurance
- Life & Disability
- Critical illness
- RESP
- Visitor & Travel insurance
(416-845-1352)
Manwinder Mangat
Broker
Aaxel InsuranceBrokers Ltd.
1332 Khalsa Dr, Unit # 11,

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

KELLEY LAW OFFICE
- Immigration
- Real Estate
- Family Law
- Business Closing
- Corporate
- Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available
1888 864 3131
Jasbir Singh Hundal
Qualified Credit Counsellor
www.MakeMeDebtFree.ca
416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types
Walkie pallet Low Lift
Electric Motor Narrow Aisle Reach
Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan
Certified Instructor

PROTECT YOUR HOME FROM PESTS
Pest Control
100% Success rate for bed bug Treatment
Low Rates/Excellent Pest Control Services
Free Home Inspection Call Today
Ranjit Sidhu
Certified & Licenced Exterminator
BED BUG MATTRESS COVER ALSO AVAILABLE
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre
AvonFinancial Inc.
Brokerage Lic. 12538
Cell: 416-841-4218 Tel: 905-216-5563
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law
- Business Law
- Wills & Estates
- Family Law
- Power of Attorney
- Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

# ਪੰਜਾਬ ਭਵਨ ਸਰੀ ਦੇ ਵਿਹੜੇ ਸਾਹਿਤਕਾਰਾਂ ਨੇ ਲਾਈਆਂ ਰੌਣਕਾਂ








ਸਰੀ, 12 ਅਕਤੂਬਰ( ਪੋਸਟ ਬਿਊਰੋ) ਪੰਜਾਬ ਭਵਨ ਸਰੀ ਦੇ ਬਾਨੀ ਸ਼੍ਰੀ ਸੁੱਖੀ ਬਾਠ,ਅੰਤਰਰਾਸ਼ਟਰੀ ਪੱਧਰ ਦੇ ਕਵੀ ਕਵਿੰਦਰ ਚਾਂਦ ਅਤੇ ਸਿਰਤਾਜ ਲੇਖਕ ਕਵੀ ਅਮਰੀਕ ਪਲਾਹੀ ਵੱਲੋਂ ਪਿਆਰ ਭਰੇ ਸੱਦੇ ਨੂੰ ਸਿਰ ਮੱਥੇ ਮੰਨਦਿਆਂ=ਵੱਖ ਵੱਖ ਦੇਸਾਂ ਦੇ ਸਾਹਿਤਕਾਰ, ਲੇਖਕ, ਕਵੀ, ਪੱਤਰਕਾਰ ਸਾਮਲ ਹੋਏ। ਪੰਜਾਬੀ ਲਿਖਾਰੀ ਸਭਾ (ਰਜਿ।) ਸਿਆਟਲ ਦੇ ਮੈਂਬਰਾਂ, ਅਹੁਹਦੇਦਾਰਾਂ ਦੀ, ਅਕਤੂਬਰ 8 ਅਤੇ 9 ਦੋ ਦਿਨਾਂ ਕੌਮਾਂਤਰੀ ਪੰਜਾਬੀ ਸਾਹਿਤ,ਚੇਤਨਤਾ ਅਤੇ ਪਰਵਾਸ ਵਿਸ਼ੇ ਉਪਰ ਸਾਲਾਨਾ ਸੰਮੇਲਨ ਵਿੱਚ ਸਨੇਹਭਰੀ ਹਾਜ਼ਰੀ ਦੋਸਤੀ ਦੇ ਰੰਗ ਨੂੰ ਹੋਰ ਗੂਹੜਾ ਕਰ ਗਈ।ਇਸ ਸੰਮੇਲਨ ਵਿੱਚ ਦੇਸ਼ ਦੁਨੀਆਂ ਤੋਂ ਆਪੋ-ਆਪਣੇ ਵਿਸ਼ਿਆਂ ਦੇ ਮਾਹਿਰ ਡਾ। ਸਾਧੂ ਸਿੰਘ, ਡਾ।ਐਸ।ਪੀ ਸਿੰਘ, ਡਾ।ਬੀ।ਐਸ।ਘੁੰਮਣ, ਡਾ।ਗੁਰਪਿੰਦਰ ਸਿੰਘ ਸਮਰਾ, ਸੁਨੀਲ ਡੋਗਰਾ, ਪਾਲੀ ਭੁਪਿੰਦਰ, ਨਵਨੀਤ ਵਿਨੀਪੈਗ, ਡਾ।ਗੁਰਬਖਸ਼ ਭੰਡਾਲ,ਇੰਦਰਜੀਤ ਸਿੰਘ ਧਾਮੀ, ਕਮਲਜੀਤ ਢਿਲੋਂ, ਸ਼ਿਵ ਰਾਜ ਘੁੰਮਣ, ਡਾ।ਗੋਪਾਲ ਬੁੱਟਰ, ਜਸਵੀਰ ਮੰਗੂਵਾਲ, ਡਾ।ਬਬਨੀਤ ਕੌਰ, ਵਿੰਨੀਪਿਗ ਤੋ ਰੇਡੀਓ/ਟੀਵੀ ਆਪਣਾ ਦੀ ਸੰਚਾਲਕ ਮਨਧੀਰ ਕੌਰ ਮੰਨੂ ਅਤੇ ਜੈਗ ਖੋਸਾ ਆਦਿ ਨੇ ਸਮਾਜ ਨੂੰ ਪੇਸ਼ ਸਮੱਸਿਆਵਾਂ ਦੇ ਵਿਸ਼ਲੇਸ਼ਣ ਨਾਲ ਸਾਂਝ ਪਵਾਈ।

ਧਰਤੀ ਦੇ ਵੱਖ ਵੱਖ ਖਿੱਤਿਆਂ ਤੋਂ ਵਿਸ਼ੇਸ਼ ਤੌਰ ਤੇ ਸੱਦੇ ਕਵੀਆਂ-ਕਵਿੱਤਰੀਆਂ ਪਾਕਿਸਤਾਨ ਤੋ ਬਾਬਾ ਨਜ਼ਮੀ, ਸੁਖਵਿੰਦਰ ਅੰਮ੍ਰਿਤ, ਗੁਰਤੇਜ ਕੋਹਾਰਵਾਲਾ, ਤਾਹਿਰਾ ਸਰਾ, ਡਾ।ਕਰਨੈਲ ਸਿੰਘ ਸ਼ੇਰਗਿੱਲ, ਡਾ।ਗੁਰਮਿੰਦਰ ਸਿੱਧੂ, ਰਵਿੰਦਰ ਸਰਾਅ, ਸੁਰਜੀਤ ਕੌਰ ਟੋਰਾਂਟੋ, ਆਦਿ ਨੇ ਆਪੋ ਆਪਣੀਆਂ ਨਜ਼ਮਾਂ,ਗ਼ਜ਼ਲਾਂ, ਗੀਤਾਂ ਨਾਲ ਆਲੇ ਦੁਆਲੇ "ਚ ਵਿਸਮਾਦ ਭਰ ਦਿੱਤਾ। ਸਥਾਨਿਕ ਕਵੀਆਂ ਜਸਵੀਰ ਭਲੂਰੀਆ, ਕ੍ਰਿਸ਼ਨ ਭਨੋਟ,ਦਰਸ਼ਨ ਸਿੰਘ ਸੰਘਾ,ਹਰਚੰਦ ਸਿੰਘ ਬਾਗੜੀ,ਜਰਨੈਲ ਸਿੰਘ, ਇੰਦਰਜੀਤ ਸਿੰਘ ਧਾਮੀ ਆਦਿ ਨੇ ਜਿੱਥੇ ਵੱਖ ਵੱਖ ਵਿਸ਼ਿਆਂ ਨੂੰ ਆਪਣੇ ਕਲਾਵੇ 'ਚ ਲਈ ਬੈਠੇ ਕਾਵਿ-ਰੂਪਾਂ ਨੂੰ ਪੇਸ਼ ਕੀਤਾ ਉਥੇ ਪੰਜਾਬੀ ਲਿਖਾਰੀ ਸਭਾ ਸਿਆਟਲ ਤੋਂ ਪ੍ਰੋਗਰਾਮ ਦਾ ਹਿੱਸਾ ਬਣੇ,ਸਭਾ ਦੇ ਪ੍ਰਧਾਨ ਬਲਿਹਾਰ ਸਿੰਘ ਲੇਹਲ ਨੇ ਨਸ਼ਿਆਂ ਜਿਹੀ ਕੁਰੀਤੀ ਦੇ ਸੰਬੰਧਿਤ ਗੀਤ, ਮੰਗਤ ਕੁਲਜਿੰਦ ਨੇ ਸੱਭਿਆਚਾਰਕ ਗੀਤ- ਇੱਲਾਂ ਤੇ ਕਾਵਾਂ ਰਲ ਕੇ ਪੁੱਛੇ ਸਿਰਨਾਵੇਂ ਬਈ।।ਸਾਧੂ ਸਿੰਘ ਝੱਜ ਨੇ ਹਾਸਿਆਂ ਭਰੇ ਲਹਿਜ਼ੇ ਵਿੱਚ ਭਾਰਤੀ ਅਤੇ ਅਮਰੀਕਨ ਸਮਾਜ ਦੀ ਤੁਲਨਾ ਅਤੇ ਸਿਹਤ-ਸੁਚੇਤਨਾ ਦੇ ਗਿਆਨੀ ਸਭਾ ਦੇ ਮੈਂਬਰ ਸ਼ਸ਼ੀ ਪਰਾਸ਼ਰ ਨੇ ਹਾਜ਼ਰੀ ਲਗਵਾਈ। ਰੂਪ ਦਵਿੰਦਰ ਨਾਹਲ, ਹਰਪ੍ਰੀਤ ਸਿੰਘ, ਨਵਜੋਤ ਢਿਲੋਂ, ਜੈਸਮੀਨ, ਪਰਮਜੀਤ ਸਰਾਏ,ਬਲਦੇਵ ਰਹਿਪਾ, ਪਰਮਿੰਦਰ ਸਵੈਚ, ਸ਼ਾਦੀ ਰਾਮ ਗੋਇਲ,ਪਾਰਸ ਅਤੇ ਸਰੀ ਦੀਆਂ ਹੋਰ ਕਈ ਜਾਣੀਆ ਪਹਿਚਾਣੀਆਂ ਸਖਸ਼ੀਅਤਾਂ ਨੇ ਸਮਾਗਮ ਵਿੱਚ ਸ਼ਿਰਕਤ ਕੀਤੀ। ਹਰ ਇਕ ਵਿਸ਼ੇ ਤੇ ਔਰਤਾਂ ਦੀ ਅੱਧ ਤੋਂ ਵੱਧ ਨੁਮਾਇੰਗੀ ਇਸ ਪ੍ਰੋਗਰਾਮ ਦੀ ਪ੍ਰਾਪਤੀ ਸੀ। ਡਾ।ਸਾਹਿਬ ਸਿੰਘ ਨੇ ਬੇਟੀ ਅਰਸ਼ਿਤਾ ਸਿੰਘ ਦੇ ਸਹਿਯੋਗ ਨਾਲ ਦੋਨੋਂ ਦਿਨ ਖੇਡੇ ਨਾਟਕਾਂ 'ਲੱਛੂ ਕਬਾੜੀਆ' ਅਤੇ 'ਸੰਦੂਕੜੀ ਖੋਲ੍ਹ ਨਰੈਣਿਆ' ਨੂੰ ਦੇਖਣ ਵਾਲਿਆਂ ਦਾ ਸਮੁੰਦਰੀ-ਇਕੱਠ ਇਹਨਾਂ ਦੀ ਲੋਕ-ਪਸੰਦੀ ਦਾ ਸਬੂਤ ਸੀ ।

ਸ।ਅਰਜਨ ਸਿੰਘ ਬਾਠ ਯਾਦਗਾਰੀ ਐਵਾਰਡ, ਪੰਜਾਬ ਭਵਨ ਵੱਲੋਂ ਸਮਾਜ ਸੇਵਕ ਸੁੱਚਾ ਸਿੰਘ ਕਲੇਰ, ਗੁਰਤੇਜ ਕੁਹਾਰਵਾਲਾ,ਨਦੀਮ ਪਰਮਾਰ ਸ਼ਾਇਰ, ਮਨਜੀਤ ਗਿੱਲ ਸਮਾਜ ਸੇਵਿਕਾ ਨੂੰ ਦਿੱਤਾ ਗਿਆ ਜਦੋਂ ਕਿ ਧਾਮੀ ਪਰਿਵਾਰ ਯਾਦਗਾਰੀ ਐਵਾਰਡ ਨਾਲ ਬਲਵਿੰਦਰ ਸੰਧੂ (ਭਾਰਤ) ਨੂੰ ਸਨਮਾਨਿਤ ਕੀਤਾ ਗਿਆ। ਸੰਚਾਰ ਦੇ ਵੱਖ ਵੱਖ ਮਾਧਿਅਮਾਂ ਰਾਹੀਂ ਇਸ ਸੰਮੇਲਨ ਦਾ ਪਲ ਪਲ, ਛਿਣ ਛਿਣ,ਦੇਸ਼ ਵਿਦੇਸ਼ ਬੈਠੇ ਪੰਜਾਬੀ ਪਿਆਰਿਆਂ ਦੇ ਕੰਨਾਂ ਵਿੱਚ ਰਸ ਘੋਲਦਾ ਰਿਹਾ ਅਤੇ ਨਾਲ ਹੀ ਉਹਨਾਂ ਦੀਆਂ ਅੱਖਾਂ ਨੂੰ ਸਕੂਨ ਬਖਸ਼ਦਾ ਰਿਹਾ।

ਇਸ ਪ੍ਰਭਾਵਸ਼ਾਲੀ ਪ੍ਰੋਗਰਾਮ ਲਈ ਪੰਜਾਬੀ ਭਵਨ ਸਰੀ ਕੈਨੇਡਾ ਅਤੇ ਪੰਜਾਬ ਭਵਨ ਜਲੰਧਰ ਦੀ ਸਮੁੱਚੀ ਟੀਮ ਵਧਾਈ ਦੀ ਪਾਤਰ ਹੈ। ਬਲਿਹਾਰ ਸਿੰਘ ਲੇਹਲ ਪ੍ਰਧਾਨ, ਪ੍ਰਿਤਪਾਲ ਸਿੰਘ ਸਕੱਤਰ ਤੇ ਮੰਗਤ ਕੁਲਜਿੰਦ ਪ੍ਰੈਸ ਸਕੱਤਰ ਲਿਖਾਰੀ ਸਭਾ ਸਿਆਟਲ ਨੇ ਵੀ ਪ੍ਰਬੰਧਾਂ ਨੂੰ ਵੇਖਦਿਆਂ ਮੁਬਾਰਕਾਂ ਭੇਜੀਆਂ। ਸਰੀ ਵਿਖੇ ਦੋ ਰੋਜ਼ਾ ਪੰਜਾਬੀ ਸੰਮੇਲਨ ਸਫਲ ਰਿਹਾ।

## ਗੁਰਦੁਆਰਾ ਅਕਾਲ ਆਸ਼ਰਮ ਸੋਹਾਣਾ ਵਿਖੇ ਸਾਲਾਨਾ ਸਮਾਗਮ ਦੀਆਂ ਤਿਆਰੀਆਂ ਮੁਕੰਮਲ


ਮੋਹਾਲੀ, 12 ਅਕਤੂਬਰ (ਪੋਸਟ ਬਿਊਰੋ): ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਅਕਾਲ ਆਸ਼ਰਮ, ਸੋਹਾਣਾ ਦਾ ਤਿੰਨ ਦਿਨਾਂ ਸਾਲਾਨਾ ਗੁਰਮ ਸਮਾਗਮ ਅੱਜ ਤੋਂ ਸ਼ੁਰੂ ਹੋਣ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਦੇ ਹੋਏ ਭਾਈ ਦਵਿੰਦਰ ਸਿੰਘ ਖ਼ਾਲਸਾ ਅਤੇ ਸ੍ਰੀ ਗੁਰੂ ਹਰਿਕ੍ਰਿਸ਼ਨ ਸਾਹਿਬ ਚੈਰੀਟੇਬਲ ਟਰੱਸਟ' ਦੇ ਟਰੱਸਟੀ ਗੁਰਮੀਤ ਸਿੰਘ ਨੇ ਦੱਸਿਆਂ ਮਾਨਵਤਾ ਦੀ ਸੇਵਾ ਲਈ ਜੋ ਕਾਰਜ ਭਾਈ ਜਸਵੀਰ ਸਿੰਘ ਖ਼ਾਲਸਾ ਖੰਨੇ ਵਾਲਿਆਂ ਨੇ ਆਰੰਭ ਕੀਤਾ ਸੀ ਉਸ ਤੇ ਚਲਦੇ ਹੋਏ ਸੋਹਾਣਾ ਹਸਪਤਾਲ ਵੱਡੇ ਪੱਧਰ ਤੇ ਲੋਕਾਂ ਦੀ ਸੇਵਾ ਕਰ ਰਿਹਾ ਹੈ। ਉਨ੍ਹਾਂ ਦੱਸਿਆਂ ਕਿ ਗੁਰਦੁਆਰਾ ਗੁਰਸ਼ਬਦ ਪ੍ਰਕਾਸ਼ ਅਕਾਲ ਆਸ਼ਰਮ ਸੋਹਾਣਾ ਵਿਖੇ ਪੰਥ ਰਤਨ ਭਾਈ ਜਸਵੀਰ ਸਿੰਘ ਜੀ ਖ਼ਾਲਸਾ ਖੰਨੇ ਵਾਲਿਆਂ ਦੀ ਯਾਦ 'ਚ 13-14-15 ਅਕਤੂਬਰ ਨੂੰ ਕਰਵਾਏ ਜਾ ਰਹੇ ਮਹਾਨ ਗੁਰਮਤਿ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਚੁੱਕੀਆਂ ਹਨ। ਇਸ ਸਮਾਗਮ ਨਾਲ ਸਬੰਧਿਤ ਧਾਰਮਿਕ ਸਮਾਗਮ ਸ਼ਾਮ ਪੰਜ ਵਜੇ ਸ਼ੁਰੂ ਹੋ ਕੇ ਰਾਤ 11।00 ਵਜੇ ਤਕ ਚੱਲੇਗਾ, ਜਿਸ 'ਚ ਪੰਥ ਦੇ ਪ੍ਰਸਿੱਧ ਰਾਗੀ ਅਤੇ ਢਾਡੀਆਂ ਤੋਂ ਇਲਾਵਾ ਕਥਾ ਵਾਚਕ ਸੰਗਤਾਂ ਨੂੰ ਪਵਿੱਤਰ ਗੁਰਬਾਣੀ ਨਾਲ ਜੋੜਨਗੇ।

ਭਾਈ ਦਵਿੰਦਰ ਸਿੰਘ ਖ਼ਾਲਸਾ ਨੇ ਜਾਣਕਾਰੀ ਸਾਂਝੀ ਕਰਦੇ ਹੋਏ ਦੱਸਿਆਂ ਕਿ ਇਸ ਧਾਰਮਿਕ ਸਮਾਗਮ ਵਿਚ ਦੇਸ਼-ਵਿਦੇਸ਼ ਤੋਂ ਸਿੱਖ ਪੰਥ ਨਾਲ ਜੁੜੀਆਂ ਪ੍ਰਸਿੱਧ ਵਿਦਵਾਨ ਹਸਤੀਆਂ ਵੱਡੀ ਗਿਣਤੀ ਵਿਚ ਸ਼ਿਰਕਤ ਕਰ ਰਹੀਆਂ ਹਨ। ਇਸ ਦੇ ਨਾਲ ਹੀ ਤਿੰਨ ਦਿਨਾਂ ਸਮਾਗਮ ਦੌਰਾਨ ਸਿੰਘ ਸਾਹਿਬ ਗਿਆਨੀ ਰਘੁਬੀਰ ਸਿੰਘ ਜੀ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ, ਸਿੰਘ ਸਾਹਿਬ ਗਿਆਨ ਸੁਲਤਾਨ ਸਿੰਘ ਜਥੇਦਾਰ ਸ਼੍ਰੀ ਕੇਸਗੜ੍ਹ ਸਾਹਿਬ, ਸਿੰਗ ਸਾਹਿਬ ਗਿਆਨੀ ਅਮਰਜੀਤ ਸਿੰਘ ਜੀ ਐਡੀਸ਼ਨਲ ਹੈੱਡ ਗ੍ਰੰਥੀ ਸ੍ਰੀ ਦਰਬਾਰ ਸਾਹਿਬ, ਭਾਈ ਕਰਨੈਲ ਸਿੰਘ, ਭਾਈ ਜਬਰ ਤੋੜ ਸਿੰਘ, ਭਾਈ ਅਮਨਦੀਪ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਹਾਜ਼ਰੀ ਭਰਨਗੇ।





















# ਬਿਹਾਰ 'ਚ ਨਾਰਥ ਈਸਟ ਐਕਸਪ੍ਰੈਸ ਪਟੜੀ ਤੋਂ ਉਤਰੀ, ਚਾਰ ਦੀ ਮੌਤ, 100 ਤੋਂ ਵੱਧ ਜ਼ਖ਼ਮੀ



ਬਕਸਰ, 12 ਅਕਤੂਬਰ (ਪੋਸਟ ਬਿਊਰੋ): ਬਿਹਾਰ ਦੇ ਬਕਸਰ ਵਿੱਚ ਇੱਕ ਵੱਡਾ ਰੇਲ ਹਾਦਸਾ ਹੋਇਆ ਹੈ। ਰਾਜਧਾਨੀ ਦਿੱਲੀ ਤੋਂ ਕਾਮਾਖਿਆ ਜਾ ਰਹੀ ਟਰੇਨ ਨੰਬਰ 12506 ਬਕਸਰ ਦੇ ਰਘੂਨਾਥਪੁਰ ਸਟੇਸ਼ਨ ਨੇੜੇ ਪਟੜੀ ਤੋਂ ਉਤਰ ਗਈ। ਰੇਲਵੇ ਦੇ ਇਕ ਅਧਿਕਾਰੀ ਨੇ ਦੱਸਿਆ ਕਿ ਟਰੇਨ ਦੇ ਸਾਰੇ ਡੱਬੇ ਪਟੜੀ ਤੋਂ ਉਤਰ ਗਏ। ਇਸ ਹਾਦਸੇ 'ਚ ਹੁਣ ਤੱਕ 4 ਲੋਕਾਂ ਦੀ ਮੌਤ ਹੋਣ ਦੀ ਖਬਰ ਹੈ। ਹੁਣ ਤੱਕ 100 ਤੋਂ ਵੱਧ ਯਾਤਰੀ ਜ਼ਖਮੀ ਦੱਸੇ ਜਾ ਰਹੇ ਹਨ। ਇਨ੍ਹਾਂ ਵਿੱਚੋਂ ਕਈ ਯਾਤਰੀਆਂ ਦੀ ਹਾਲਤ ਨਾਜ਼ੁਕ ਦੱਸੀ ਜਾ ਰਹੀ ਹੈ। ਹਾਦਸੇ ਤੋਂ ਬਾਅਦ ਐਨਡੀਆਰਐਫ, ਐੱਸਡੀਆਰਐਫ, ਰੇਲਵੇ ਬਚਾਅ ਟੀਮ ਅਤੇ ਸਥਾਨਕ ਪੁਲਿਸ ਨੇ ਮੌਕੇ 'ਤੇ ਵੱਡੇ ਪੱਧਰ 'ਤੇ ਬਚਾਅ ਮੁਹਿੰਮ ਚਲਾਈ।

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਹਾਦਸੇ 'ਤੇ ਦੁੱਖ ਪ੍ਰਗਟ ਕਰਦੇ ਹੋਏ ਕਿਹਾ ਕਿ ਹਾਦਸੇ ਤੋਂ ਬਾਅਦ ਐੱਨਡੀਆਰਐੱਫ, ਐੱਸਡੀਆਰਐੱਫ, ਜ਼ਿਲਾ ਪ੍ਰਸ਼ਾਸਨ, ਰੇਲਵੇ ਅਧਿਕਾਰੀਆਂ ਅਤੇ ਸਥਾਨਕ ਨਿਵਾਸੀਆਂ ਨੇ ਇਕ ਟੀਮ ਦੇ ਰੂਪ 'ਚ ਕੰਮ ਕੀਤਾ। ਉਨ੍ਹਾਂ ਦੱਸਿਆ ਕਿ ਹਾਦਸੇ ਤੋਂ ਬਾਅਦ ਯਾਤਰੀਆਂ ਨੂੰ ਵਿਸ਼ੇਸ਼ ਰੇਲ ਗੱਡੀ ਰਾਹੀਂ ਬਾਹਰ ਕੱਢਿਆ ਗਿਆ ਅਤੇ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਭੇਜਿਆ ਗਿਆ। ਰਾਹਤ ਅਤੇ ਬਚਾਅ ਕਾਰਜ ਹੁਣ ਪੂਰੇ ਹੋ ਚੁੱਕੇ ਹਨ ਅਤੇ ਹੁਣ ਟ੍ਰੈਕ 'ਤੇ ਮੁਰੰਮਤ ਦਾ ਕੰਮ ਚੱਲ ਰਿਹਾ ਹੈ। ਜਲਦੀ ਹੀ ਟ੍ਰੈਕ ਦੀ ਮੁਰੰਮਤ ਕਰਕੇ ਆਵਾਜਾਈ ਸ਼ੁਰੂ ਕਰ ਦਿੱਤੀ ਜਾਵੇਗੀ।

# ਇਜ਼ਰਾਇਲੀ ਹਵਾਈ ਫੌਜ ਨੇ ਹਮਾਸ ਦੇ ਟਿਕਾਣਿਆਂ 'ਤੇ ਦਾਗੇ 6 ਹਜਾਰ ਬੰਬ



ਜੈਰੋਸਲਮ, 12 ਅਕਤੂਬਰ (ਪੋਸਟ ਬਿਊਰੋ): 7 ਅਕਤੂਬਰ ਨੂੰ ਫਲਸਤੀਨ ਦੇ ਕੱਟੜਪੰਥੀ ਅੱਤਵਾਦੀ ਸੰਗਠਨ ਹਮਾਸ ਵੱਲੋਂ ਇਜ਼ਰਾਈਲ 'ਤੇ 5 ਹਜ਼ਾਰ ਬੰਬ ਸੁੱਟੇ ਗਏ ਸਨ। ਇਸ ਦੌਰਾਨ ਵੱਡੀ ਗਿਣਤੀ 'ਚ ਹਮਾਸ ਦੇ ਅੱਤਵਾਦੀ ਵੀ ਇਜ਼ਰਾਇਲੀ ਸਰਹੱਦ 'ਚ ਦਾਖਲ ਹੋਏ। ਹਮਾਸ ਦੇ ਅੱਤਵਾਦੀਆਂ ਨੇ 1200 ਤੋਂ ਵੱਧ ਲੋਕਾਂ ਦੀ ਬੇਰਹਿਮੀ ਨਾਲ ਹੱਤਿਆ ਕਰ ਦਿੱਤੀ ਸੀ। ਮਰਨ ਵਾਲਿਆਂ ਵਿੱਚ ਬੱਚੇ, ਬਜ਼ੁਰਗ, ਔਰਤਾਂ ਅਤੇ ਹਰ ਉਮਰ ਵਰਗ ਦੇ ਲੋਕ ਸ਼ਾਮਲ ਹਨ। ਇਸ ਹਮਲੇ ਦੌਰਾਨ ਹਮਾਸ ਦੇ ਅੱਤਵਾਦੀਆਂ ਨੇ ਕਈ ਲੋਕਾਂ ਨੂੰ ਬੰਧਕ ਵੀ ਬਣਾ ਲਿਆ, ਜਿਨ੍ਹਾਂ ਦੀ ਭਾਲ ਅਜੇ ਵੀ ਜਾਰੀ ਹੈ। ਜਵਾਬੀ ਕਾਰਵਾਈ 'ਚ ਇਜ਼ਰਾਈਲ ਲਗਾਤਾਰ ਹਮਾਸ ਦੇ ਅੱਤਵਾਦੀਆਂ ਅਤੇ ਖੁਫੀਆ ਠਿਕਾਣਿਆਂ 'ਤੇ ਹਮਲੇ ਕਰ ਰਿਹਾ ਹੈ। ਇਸ ਲੜੀ ਵਿੱਚ 5000 ਬੰਬਾਂ ਦੀ ਬਜਾਏ ਇਜ਼ਰਾਈਲ ਹੁਣ ਤੱਕ 6000 ਬੰਬ ਸੁੱਟ ਚੁੱਕਾ ਹੈ।

ਇਸਰਾਈਲੀ ਹਵਾਈ ਸੈਨਾ ਦੇ ਦਰਜਨਾਂ ਲੜਾਕੂ ਜਹਾਜ਼ ਅਤੇ ਹੈਲੀਕਾਪਟਰ ਗਾਜ਼ਾ ਪੱਟੀ ਦੇ ਪਾਰ ਅਸਮਾਨ ਵਿਚ ਉੱਡ ਰਹੇ ਹਨ। ਇਜ਼ਰਾਈਲੀ ਹਵਾਈ ਸੈਨਾ ਹਮਾਸ ਦੇ ਟਿਕਾਣਿਆਂ ਅਤੇ ਖੁਫੀਆ ਬੰਕਰਾਂ 'ਤੇ ਚੋਣਵੇਂ ਤੌਰ 'ਤੇ ਬੰਬ ਸੁੱਟ ਰਹੀ ਹੈ। ਹੁਣ ਤੱਕ ਹਵਾਈ ਸੈਨਾ ਵੱਲੋਂ 6000 ਬੰਬ ਸੁੱਟੇ ਜਾ ਚੁੱਕੇ ਹਨ ਅਤੇ ਪੂਰੀ ਗਾਜ਼ਾ ਪੱਟੀ ਦਾ ਨਕਸ਼ਾ ਬਦਲ ਦਿੱਤਾ ਗਿਆ ਹੈ। ਹੁਣ ਜੋ ਤਸਵੀਰਾਂ ਸਾਹਮਣੇ ਆ ਰਹੀਆਂ ਹਨ, ਉਨ੍ਹਾਂ ਨੂੰ ਦੇਖ ਕੇ ਇਹ ਸਪੱਸ਼ਟ ਹੋ ਜਾਂਦਾ ਹੈ ਕਿ ਇਜ਼ਰਾਈਲ ਹੁਣ ਹਮਾਸ ਨੂੰ ਆਪਣੀਆਂ ਜੜ੍ਹਾਂ ਤੋਂ ਖਤਮ ਕਰਨ 'ਚ ਰੁੱਝਿਆ ਹੋਇਆ ਹੈ। ਇਜ਼ਰਾਈਲ ਹਮਾਸ ਦੇ ਅੱਤਵਾਦੀਆਂ ਨੂੰ ਕਿਸੇ ਵੀ ਕੀਮਤ 'ਤੇ ਨਹੀਂ ਬਖਸ਼ੇਗਾ। ਦਰਅਸਲ ਬੀਤੇ ਦਿਨ ਹੀ ਖਬਰ ਆਈ ਸੀ ਕਿ ਹਮਾਸ ਦੇ ਅੱਤਵਾਦੀਆਂ ਨੇ 40 ਬੱਚਿਆਂ ਦਾ ਬੇਰਹਿਮੀ ਨਾਲ ਕਤਲ ਕਰ ਦਿੱਤਾ ਹੈ।

## 'ਇਜ਼ਰਾਈਲ ਅਜੇ ਸ਼ੁਰੂਆਤ, ਸਾਡਾ ਕਾਨੂੰਨ ਪੂਰੀ ਦੁਨੀਆ 'ਚ ਲਾਗੂ ਹੋਵੇਗਾ': ਹਮਾਸ ਕਮਾਂਡਰ

ਜੈਰੋਸਲਮ, 12 ਅਕਤੂਬਰ (ਪੋਸਟ ਬਿਊਰੋ): ਇਜ਼ਰਾਈਲ 'ਤੇ ਹਮਲੇ ਤੋਂ ਬਾਅਦ ਹਮਾਸ ਦੇ ਕਮਾਂਡਰ ਮਹਿਮੂਦ ਅਲ-ਜਹਰ ਨੇ ਇਕ ਮਿੰਟ ਤੋਂ ਜ਼ਿਆਦਾ ਦਾ ਵੀਡੀਉ ਜਾਰੀ ਕੀਤੀ ਹੈ। ਇਸ ਵੀਡੀਉ 'ਚ ਉਸ ਨੇ ਪੂਰੀ ਦੁਨੀਆ 'ਤੇ ਆਪਣਾ ਪ੍ਰਭਾਵ ਵਧਾਉਣ ਦਾ ਦਾਅਵਾ ਕੀਤਾ ਹੈ। ਉਨ੍ਹਾਂ ਦੀ ਇਹ ਚਿਤਾਵਨੀ ਅਜਿਹੇ ਸਮੇਂ 'ਚ ਆਈ ਹੈ ਜਦੋਂ ਹਮਾਸ ਨੇ ਇਜ਼ਰਾਈਲ 'ਤੇ ਰਾਕੇਟ ਹਮਲਿਆਂ ਤੋਂ ਬਾਅਦ ਸੈਂਕੜੇ ਇਜ਼ਰਾਇਲੀ ਨਾਗਰਿਕਾਂ ਨੂੰ ਬੰਧਕ ਬਣਾ ਲਿਆ ਹੈ।

ਇਜ਼ਰਾਈਲ 'ਤੇ ਹਵਾਈ ਹਮਲੇ 'ਚ ਹੁਣ ਤੱਕ 1200 ਇਜ਼ਰਾਈਲੀ ਨਾਗਰਿਕਾਂ ਦੀ ਮੌਤ ਹੋ ਚੁੱਕੀ ਹੈ ਅਤੇ ਹਜ਼ਾਰਾਂ ਜ਼ਖਮੀ ਹੋ ਚੁੱਕੇ ਹਨ। ਹਮਾਸ ਕਮਾਂਡਰ ਨੇ ਵੀਡੀਉ ਵਿੱਚ ਕਿਹਾ, "ਇਸਰਾਈਲ ਸਿਰਫ ਪਹਿਲਾ ਨਿਸ਼ਾਨਾ ਹੈ। ਸਾਰਾ ਸੰਸਾਰ ਸਾਡੇ ਕਾਨੂੰਨ ਦੇ ਅੰਦਰ ਹੋਵੇਗਾ। 510 ਮਿਲੀਅਨ ਵਰਗ ਕਿਲੋਮੀਟਰ ਦਾ ਪੂਰਾ ਸੰਸਾਰ ਇਕ ਅਜਿਹੀ ਪ੍ਰਣਾਲੀ ਦੇ ਅਧੀਨ ਆ ਜਾਵੇਗਾ ਜਿੱਥੇ ਕੋਈ ਬੇਇਨਸਾਫ਼ੀ, ਕੋਈ ਜ਼ੁਲਮ ਅਤੇ ਕੋਈ ਅਪਰਾਧ ਨਹੀਂ ਹੋਵੇਗਾ, ਜਿਵੇਂ ਕਿ ਸਾਰੇ ਅਰਬ ਦੇਸ਼ਾਂ, ਲੇਬਨਾਨ ਅਤੇ ਸੀਰੀਆ ਵਿੱਚ ਫਲਸਤੀਨੀਆਂ ਨਾਲ ਕੀਤਾ ਜਾ ਰਿਹਾ ਹੈ।

# ਅਮਰੀਕਾ ਦੇ ਮਿਨੇਸੋਟਾ 'ਚ ਗੋਲੀਬਾਰੀ, ਪੰਜ ਅਧਿਕਾਰੀ ਜ਼ਖਮੀ

* ਮੁਲਜ਼ਮ ਅਜੇ ਗ੍ਰਿਫ਼ਤਾਰ ਤੋਂ ਬਾਹਰ

ਮਿਨੇਸੋਟਾ, 12 ਅਕਤੂਬਰ (ਪੋਸਟ ਬਿਊਰੋ): ਅਮਰੀਕਾ ਦੇ ਪੂਰਬੀ ਮੱਧ ਸੂਬੇ ਮਿਨੇਸੋਟਾ ਦੇ ਪ੍ਰਿੰਸਟਨ ਸ਼ਹਿਰ ਨੇੜੇ ਇੱਕ ਘਟਨਾ ਵਾਪਰੀ। ਜਿਸ 'ਚ ਪੁਲਿਸ ਮੁਲਾਜ਼ਮਾਂ 'ਤੇ ਗੋਲੀ ਚਲਾਉਣ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਘਟਨਾ 'ਚ ਪੰਜ ਪੁਲਿਸ ਮੁਲਾਜ਼ਮਾਂ ਦੇ ਗੋਲੀਆਂ ਲੱਗਣ ਨਾਲ ਜ਼ਖਮੀ ਹੋਣ ਦੀ ਸੂਚਨਾ ਹੈ। ਫਿਲਹਾਲ ਮੁਲਜ਼ਮ ਪੁਲਸ ਦੀ ਪਕੜ ਤੋਂ ਬਾਹਰ ਹੈ।

ਰੌਬਿਨਸਡੇਲ ਦੇ ਪੁਲਿਸ ਕਪਤਾਨ ਜੌਹਨ ਐਲਡਰ ਨੇ ਮਾਮਲੇ 'ਤੇ ਦੱਸਿਆ ਕਿ ਤਿੰਨ ਅਧਿਕਾਰੀਆਂ ਨੂੰ ਰੋਬਿਨ-ਸਡੇਲ ਦੇ ਮਿਨੀਆਪੋਲਿਸ ਉਪਨਗਰ ਦੇ ਉੱਤਰੀ ਮੈਮੋਰੀਅਲ ਹਸਪਤਾਲ ਲਿਜਾਇਆ ਗਿਆ, ਜਦੋਂ ਕਿ ਦੋ ਨੂੰ ਸੇਂਟ ਕਲਾਊਡ ਦੇ ਇੱਕ ਹਸਪਤਾਲ ਲਿਜਾਇਆ ਗਿਆ। ਹਾਲਾਂਕਿ ਸਾਰੇ ਪੁਲਿਸ ਮੁਲਾਜ਼ਮ ਖਤਰੇ ਤੋਂ ਬਾਹਰ ਹਨ। ਐਲਡਰ ਨੇ ਕਿਹਾ ਕਿ ਉਹ ਤੁਰੰਤ ਨਹੀਂ ਜਾਣਦਾ ਸੀ ਕਿ ਜ਼ਖਮੀ ਅਧਿਕਾਰੀ ਕਿਸ ਵਿਭਾਗ ਦੇ ਸਨ, ਪਰ ਉਹ ਕਈ ਏਜੰਸੀਆਂ ਤੋਂ ਆਏ ਸਨ।

ਬੈਂਟਨ ਕਾਉਂਟੀ ਸ਼ੈਰਿਫ ਦੇ ਦਫਤਰ ਨੇ ਆਪਣੇ ਸ਼ੁਰੂਆਤੀ ਬਿਆਨ ਵਿਚ ਕੁਝ ਜਾਣਕਾਰੀ ਪ੍ਰਦਾਨ ਕੀਤੀ ਹੈ। ਵਿਭਾਗ ਨੇ ਕਿਹਾ ਕਿ ਪ੍ਰਿੰਸਟਨ ਤੋਂ ਕੁਝ ਮੀਲ ਪੱਛਮ ਵਿੱਚ ਗਲੈਂਡੋਰਾਡੋ ਟਾਊਨਸ਼ਿਪ ਵਿੱਚ ਵਾਪਰੀ ਇੱਕ ਘਟਨਾ ਵਿਚ ਕਈ ਹੋਰ ਜਨਤਕ ਸੁਰੱਖਿਆ ਏਜੰਸੀਆਂ ਦੁਆਰਾ ਸਹਾਇਤਾ ਕੀਤੀ ਜਾ ਰਹੀ ਹੈ। ਇਸ ਵਿਚ ਕਿਹਾ ਗਿਆ ਹੈ ਕਿ ਆਮ ਲੋਕਾਂ ਨੂੰ ਕੋਈ ਖਤਰਾ ਨਹੀਂ ਹੈ, ਹਾਲਾਂਕਿ ਜਨਤਾ ਨੂੰ ਖੇਤਰ ਤੋਂ ਬਚਣ ਲਈ ਕਿਹਾ ਗਿਆ ਹੈ।

# ਬੈਂਕ ਧੋਖਾਧੜੀ ਮਾਮਲੇ 'ਚ ਮਹਾਰਾਸ਼ਟਰ ਦੇ ਪਨਵੇਲ ਦੇ ਸਾਬਕਾ ਵਿਧਾਇਕ ਦੀ 150 ਕਰੋੜ ਦੀ ਜਾਇਦਾਦ ਜ਼ਬਤ

ਪਨਵੇਲ, 12 ਅਕਤੂਬਰ (ਪੋਸਟ ਬਿਊਰੋ): ਪਨਵੇਲ ਦੇ ਚਾਰ ਵਾਰ ਵਿਧਾਇਕ ਰਹਿ ਚੁੱਕੇ ਵਿਵੇਕਾਨੰਦ ਸ਼ੰਕਰ ਪਾਟਿਲ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਦੀ 150 ਕਰੋੜ ਰੁਪਏ ਤੋਂ ਵੱਧ ਦੀ ਅਚੱਲ ਜਾਇਦਾਦ ਬੈਂਕ ਧੋਖਾਧੜੀ ਦੇ ਇੱਕ ਮਾਮਲੇ ਵਿੱਚ ਜ਼ਬਤ ਕੀਤੀ ਗਈ ਹੈ। ਇਨਫੋਰਸਮੈਂਟ ਡਾਇਰੈਕਟੋਰੇਟ (ਈਡੀ) ਨੇ ਇਕ ਮਾਮਲੇ 'ਚ ਇਹ ਕਾਰਵਾਈ ਕੀਤੀ ਹੈ। ਇਸ ਮਾਮਲੇ ਦੀ ਜਾਣਕਾਰੀ ਵੀਰਵਾਰ ਨੂੰ ਅਧਿਕਾਰੀਆਂ ਨੇ ਦਿੱਤੀ।

ਨਾਲ ਹੀ, ਸੋਸ਼ਲ ਮੀਡੀਆ ਸਾਈਟ 'ਤੇ ਪੋਸਟ ਕਰਦੇ ਹੋਏ, ਈਡੀ ਨੇ ਲਿਖਿਆ, 12 ਅਕਤੂਬਰ ਨੂੰ ਬੈਂਕ ਧੋਖਾਧੜੀ ਮਾਮਲੇ ਵਿੱਚ ਵੱਡੀ ਜ਼ਮੀਨ, ਬੰਗਲੇ, ਰਿਹਾਇਸ਼ੀ ਕੰਪਲੈਕਸਾਂ ਸਮੇਤ 150 ਕਰੋੜ ਰੁਪਏ ਦੀ ਅਚੱਲ ਜਾਇਦਾਦ ਜ਼ਬਤ ਕੀਤੀ ਗਈ ਹੈ।



ਈਡੀ ਨੇ ਇਹ ਕਾਰਵਾਈ ਸ਼ੇਤਕਾਰੀ ਕਾਮਗਾਰ ਪੱਖ ਪਾਰਟੀ ਦੇ ਚਾਰ ਵਾਰ ਵਿਧਾਇਕ ਅਤੇ ਉਨ੍ਹਾਂ ਦੇ ਰਿਸ਼ਤੇਦਾਰਾਂ ਖ਼ਿਲਾਫ਼ ਕੀਤੀ ਹੈ। ਈਡੀ ਨੇ ਇਹ ਵੀ ਕਿਹਾ, ਇਸ ਮਾਮਲੇ ਵਿੱਚ ਕੁੱਲ ਕੁਰਕੀ ਲਗਭਗ 386 ਕਰੋੜ ਰੁਪਏ ਹੈ। ਈਡੀ ਨੇ 2019 ਵਿੱਚ ਮੁੰਬਈ ਪੁਲਿਸ ਦੇ ਆਰਥਿਕ ਅਪਰਾਧ ਵਿੰਗ ਦੁਆਰਾ ਦਰਜ ਕੀਤੀ ਇੱਕ ਐਫਆਈਆਰ ਦੇ ਅਧਾਰ 'ਤੇ ਜਾਂਚ ਸ਼ੁਰੂ ਕੀਤੀ।

ਇਹ ਧੋਖਾਧੜੀ ਰਿਜ਼ਰਵ ਬੈਂਕ ਦੇ ਇਸ਼ਾਰੇ 'ਤੇ 2019-20 ਵਿੱਚ ਇੱਕ ਆਡਿਟ ਤੋਂ ਬਾਅਦ ਸਾਹਮਣੇ ਆਈ ਸੀ। ਜਦੋਂ ਇਹ ਗੱਲ ਸਾਹਮਣੇ ਆਈ ਕਿ ਪਾਟਿਲ ਵੱਲੋਂ 63 ਫਰਜ਼ੀ ਲੋਨ ਖਾਤਿਆਂ ਰਾਹੀਂ ਕਰਨਾਲਾ ਚੈਰੀਟੇਬਲ ਟਰੱਸਟ ਅਤੇ ਕਰਨਾਲਾ ਦੇ ਲੋਨ ਖਾਤਿਆਂ ਵਿੱਚ ਬੈਂਕ ਤੋਂ ਪੈਸੇ ਕਢਵਾਏ ਜਾ ਰਹੇ ਸਨ। ਸਪੋਰਟਸ ਅਕੈਡਮੀ, ਜਿਸਦੀ ਸਥਾਪਨਾ ਅਤੇ ਨਿਯੰਤਰਣ ਵਿਵੇਕਾਨੰਦ ਪਾਟਿਲ ਦੁਆਰਾ ਕੀਤਾ ਗਿਆ ਸੀ।

# ਅੱਤਵਾਦ ਅਤੇ ਹਿੰਸਾ ਦੀਆਂ ਕਾਰਵਾਈਆਂ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਖਿਲਾਫ: ਕੋਵਿੰਦ

ਨਵੀਂ ਦਿੱਲੀ, 12 ਅਕਤੂਬਰ (ਪੋਸਟ ਬਿਊਰੋ): ਸਾਬਕਾ ਰਾਸ਼ਟਰਪਤੀ ਰਾਮਨਾਥ ਕੋਵਿੰਦ ਨੇ ਵੀਰਵਾਰ ਨੂੰ ਕਿਹਾ ਕਿ ਅੱਤਵਾਦ ਅਤੇ ਹਿੰਸਾ ਦੀਆਂ ਸਾਰੀਆਂ ਕਾਰਵਾਈਆਂ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਖਿਲਾਫ ਹਨ ਅਤੇ ਭਾਰਤ ਹਰ ਤਰ੍ਹਾਂ ਦੀ ਹਿੰਸਾ ਅਤੇ ਅੱਤਵਾਦ ਦੀ ਨਿੰਦਾ ਕਰਦਾ ਹੈ। ਕੋਵਿੰਦ ਇੱਥੇ ਰਾਸ਼ਟਰੀ ਮਨੁੱਖੀ ਅਧਿਕਾਰ ਕਮਿਸ਼ਨ ਦੀ 30ਵੀਂ ਵਰ੍ਹੇਗੰਢ ਦੇ ਮੌਕੇ 'ਤੇ ਇਕ ਪ੍ਰੋਗਰਾਮ ਨੂੰ ਸੰਬੋਧਨ ਕਰ ਰਹੇ ਸਨ।

ਸਾਬਕਾ ਰਾਸ਼ਟਰਪਤੀ ਨੇ ਕਿਹਾ ਕਿ ਅੱਤਵਾਦ ਅਤੇ ਹਿੰਸਾ ਦੀਆਂ ਕਾਰਵਾਈਆਂ ਮਨੁੱਖੀ ਅਧਿਕਾਰਾਂ ਦੇ ਮੂਲ ਸਿਧਾਂਤਾਂ ਦੇ ਖਿਲਾਫ ਹਨ। ਉਨ੍ਹਾਂ ਕਿਹਾ, "ਇਹ (ਭਾਰਤ) ਹਰ ਤਰ੍ਹਾਂ ਦੀ ਹਿੰਸਾ ਅਤੇ ਅੱਤਵਾਦ ਦੀ ਨਿੰਦਾ ਕਰਦਾ ਹੈ। "ਇਹ ਵਚਨਬੱਧਤਾ ਹਮਦਰਦੀ ਅਤੇ ਹਮਦਰਦੀ ਦੇ ਸਾਡੇ ਸੱਭਿਆਚਾਰਕ ਮੁੱਲਾਂ ਦਾ ਪ੍ਰਮਾਣ ਹੈ, ਖਾਸ ਕਰਕੇ ਲੋੜਵੰਦਾਂ ਪ੍ਰਤੀ, ਅਤੇ ਮਨੁੱਖੀ ਅਧਿਕਾਰਾਂ ਦੇ ਸਿਧਾਂਤਾਂ ਪ੍ਰਤੀ ਸਾਡੇ ਸਮਰਪਣ ਨੂੰ ਉਜਾਗਰ ਕਰਦੀ ਹੈ।"

ਆਪਣੇ ਸੰਬੋਧਨ ਵਿਚ ਕੋਵਿੰਦ ਨੇ ਇਹ ਵੀ ਕਿਹਾ ਕਿ ਇਸ ਸਾਲ "ਅਸੀਂ ਵੱਖ-ਵੱਖ ਖੇਤਰਾਂ ਵਿਚ ਮਹੱਤਵਪੂਰਨ ਪ੍ਰਾਪਤੀਆਂ ਦੇਖੀਆਂ ਹਨ।" ਉਨ੍ਹਾਂ ਕਿਹਾ ਕਿ ਜੀ-20 ਦੀ ਹਾਲੀਆ ਪ੍ਰਧਾਨਗੀ ਦੌਰਾਨ ਭਾਰਤ ਨੇ ਵਿਸ਼ਵ ਮੰਚ 'ਤੇ ਆਪਣੀ ਮੌਜੂਦਗੀ ਅਤੇ ਪ੍ਰਭਾਵ ਵਧਾਇਆ ਹੈ ਅਤੇ ਇਸ ਨੇ ਹਿੱਤ ਵਿਚ ਆਪਣੀ ਮੌਜੂਦਗੀ ਨੂੰ ਵਧਾਇਆ ਹੈ।


REXDALE BODY SHOP
USED CAR SALE



Specialization In:
★ All Kinds of Body Work
★ Auto Glass Windshield
★ Denting, Painting & Welding
SPECIAL PAINT JOB $779
RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ
25 years of Canadian Experience
OPEN MON - SAT 9AM TO 7PM
CHEEMA
LOWEST PRICE IN TOWN
Call Rick or Manminder Cheema: 416.749.9596 / 416.951.6431
Towing Service Car Paint Starts $799* upto 100% Deductible Paid*
30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com



Office: 416-654-1010

Sutton


Sutton Group Security Real Estate Brokerage
2700 Dufferin St #47, Toronto ON M6B4J3



"For all your real estate needs"

Anabela Serra
Sales Representative
416-400-5825
anabelserra75@gmail.com





$1,149,000

98 JOHN ST E
Bradford West Gwillimbury, Ontario L3Z1G4

A 5-Plex on a Premium lot of 54 x 148'. Lovely stucco & vinyl multiplex in the heart of Bradford. Annual Gross Income is Approx $80,000. Located on a quiet residential street that is close to schools, shopping, restaurants & entertainment. Easy access to the highway for commuters

97 JOHN ST E
Bradford West Gwillimbury, Ontario L3Z2B5



$1,089,000

A charming, well-maintained detached house that's been converted into 4 units; One 2 bedroom unit and three 1 bedroom units. This property sits on a premium lot 50X148 with a large backyard and a large storage shed shared by tenants. Easily convert back to a single family home. All units are currently rented on a month-to-month tenancy.

103 JOHN ST W
Bradford West Gwillimbury, Ontario L3Z2A8



$799,000

**3 UNITS** Lovely semi detached in the heart of Bradford. One 2 bedroom unit, One 1 bedroom unit and 1 bachelor. Annual Gross Income Is Approx $41,000(Gross). Lots Of Parking, Quiet Residential Street Close To Shopping, Restaurants, Schools And Entertainment. Huge Lot 36Ft X 167 Ft. All tenants on a month-to-month tenancy.

6273 YONGE ST
Innisfil, Ontario L0L 1K0



$799,000

Great opportunity to own a 4-plex with a monthly income of $4654.00. This property features 3 two bedroom units and one 1 bedroom unit. New septic system was installed in 2021. The tenants would like to stay if possible. Location is on the bus route and minutes to Barrie or Bradford. EXTRA: All existing appliances, all ELFs, Coin operated washer and dryer.

2217 VICTORIA ST
Innisfil, Ontario L9S 1A8



$499,000

Ideal building lot dream home steps to the beach. Or Perfect Starter Home Or Investment Property In Village Of Stroud. Home Is Located Minutes From The Go Bus Stop And A Short Walk From Stores And All Amenities. Features Include Gas Furnace 2014, Steel Roof 2014, Plumbing And Wiring 2014, Electrical Panel 2014. A Short Drive To Lake Simcoe.



CAPITAL SERVICES
INSURANCE | VEHICLE REG. | IMMIGRATION | NOTARY PUBLIC | LIVE SCAN
ਸੈਕਰਾਮੈਂਟੋ, ਕੈਲੀਫੋਰਨੀਆ
AUTO · HOME · TRUCK · BUSINESS · LIFE · MEDICAL

ਪਾਸਪੋਰਟ / ਵੀਜ਼ਾ
* ਓ ਸੀ ਆਈ
* ਸਰੈਂਡਰ ਸਰਟੀਫਿਕੇਟ, ਪੈਨ ਕਾਰਡ
* ਫੈਮਲੀ ਪਟੀਸ਼ਨ * ਗਰੀਨ ਕਾਰਡ
* ਸਿਟੀਜਨ * ਵਸੀਅਤ *Living Trust
* ਫੈਮਲੀ ਪਟੀਸ਼ਨ *Legal Documents
The Attorney has 25 years of experience in your favor for all legal services.

Vehicle Registration
(Approved by CA DMV)
* ਕਾਰ ਸਟਿੱਕਰ ਸਲਾਨਾ
* ਕਾਰ ਟਰਾਂਸਫਰ
* ਪਲੇਟਾਂ ਤੇ ਸਟਿੱਕਰ
* ਕਮਰਸ਼ੀਅਲ ਵਹੀਕਲ
* Vin Verification
Lic.43779

Other Services
* Live Scan / Fingerprints
* Covered California.
* Drug Testing * Alcohol Tes
* Notary Services
* International Driver Lic.
Lic. 600094



Office Ph.(916) 427-4321
6624 FLORIN ROAD, SACRAMENTO CA, 95828
FAX: 916)258-0441, Cell: (916)308-7997
Email: sacramento99@yahoo.com Website: www.capitalservices.us








CAPITAL DRUG TESTING
Drug and Alcohol Test
DOT / NON DOT
PRE EMPLOYMENT - RANDOM
POST ACCIDENT - REASONABLE SUSPICION
Services: DOT Random Prog., FMCSA Clearinghouse, DOT Supervisor Training, SAP Classes Etc.
Lab. Ph:(916) 680-9293
6624 Florin Road
Sacramento CA, 95828
Email: capitaldrugtest@gmail.com
Website: www.capitaldrugtest.com



# ਚੇਅਰਮੈਨ ਢਿੱਲਵਾਂ ਸੈਂਟਰ ਪੱਧਰੀ ਖੇਡਾਂ ਦੇ ਉਦਘਾਟਨੀ ਸਮਾਰੋਹ ਵਿੱਚ ਹੋਏ ਸ਼ਾਮਲ

ਫਰੀਦਕੋਟ 12 ਅਕਤੂਬਰ (ਗਿਆਨ ਸਿੰਘ) ਜਿਲ੍ਹਾ ਯੋਜਨਾ ਬੋਰਡ ਦੇ ਚੇਅਰਮੈਨ ਸ। ਸੁਖਜੀਤ ਸਿੰਘ ਢਿੱਲਵਾਂ ਅੱਜ ਪਿੰਡ ਢਿੱਲਵਾਂ ਕਲਾਂ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਬਲਾਕ ਕੋਟਕਪੂਰਾ ਦੀਆਂ ਸੈਂਟਰ ਪੱਧਰੀ ਖੇਡਾਂ ਦੇ ਉਦਘਾਟਨੀ ਸਮਾਰੋਹ ਵਿੱਚ ਬਤੌਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਬੋਲਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਜਦੋਂ ਦੀ ਇਸ ਸੂਬੇ ਦੀ ਵਾਂਗਡੋਰ ਸੰਭਾਲੀ ਹੈ, ਉਦੋਂ ਤੋਂ ਹੀ ਨਸ਼ਿਆਂ ਦੇ ਖਾਤਮੇ ਲਈ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬੇਮੁੱਖ ਕਰਕੇ ਖੇਡਾਂ ਪ੍ਰਤੀ ਉਤਸ਼ਾਹਿਤ ਕਰਨ ਦੇ ਮੰਤਵ ਨਾਲ ਖੇਡਾਂ ਵਤਨ ਪੰਜਾਬ ਦੀਆਂ ਜਿਹੇ ਪ੍ਰੋਗਰਾਮ ਉਲੀਕੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੌਜਵਾਨੀ ਨੂੰ ਬਚਾਉਣ ਲਈ ਹਰ ਵਕਤ ਤੱਤਪਰ ਹੈ।

ਉਨ੍ਹਾਂ ਕਿਹਾ ਕਿ ਖੇਡਾਂ ਦੀ ਲੜੀ ਨੂੰ ਟੁੱਟਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਮੁੱਖ ਮੰਤਰੀ ਸ। ਭਗਵੰਤ ਸਿੰਘ ਮਾਨ ਅਤੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ। ਕੁਲਤਾਰ ਸਿੰਘ ਸੰਧਵਾਂ ਦਾ ਸੁਪਨਾ ਹੈ ਕਿ ਪੰਜਾਬ ਦੇ ਨੋਜਵਾਨਾਂ ਨੂੰ ਨਸ਼ਿਆਂ ਦੇ ਦਲਦਲ ਵਿੱਚੋਂ ਕੱਢ ਕੇ ਖੇਡਾਂ ਵੱਲ ਉਤਸ਼ਾਹਿਤ ਕਰਕੇ ਪੰਜਾਬ ਜੀ ਜਵਾਨੀ ਨੂੰ ਬਚਾਇਆ ਜਾਵੇ। ਉਨ੍ਹਾਂ ਕਿਹਾ ਕਿ ਖੇਡਾਂ ਚਾਹੇ ਉਹ ਸਕੂਲਾਂ ਵਿੱਚ ਹਨ ਜਾਂ ਸੂਬੇ ਵਿੱਚ ਹਨ ਨੂੰ ਚਾਲੂ ਰੱਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਵਿੱਦਿਅਕ ਜੀਵਨ ਦੇ ਨਾਲ ਨਾਲ ਖੇਡਾਂ ਦੇ ਵੱਲ ਵੀ ਧਿਆਨ ਦੇਣਾ ਬਹੁਤ ਜ਼ਰੂਰੀ ਹੈ ਕਿਉਂਕਿ ਖੇਡਾਂ ਸਰੀਰਕ ਤੰਦਰੁਸਤੀ ਦੇ ਨਾਲ ਮਾਨਸਿਕ ਤੰਦਰੁਸਤੀ ਤੇ ਚੇਤੰਨਤਾ ਦੇ ਵਿੱਚ ਅਹਿਮ ਰੋਲ ਅਦਾ ਕਰਦੀਆਂ ਹਨ। ਉਨ੍ਹਾਂ ਉਮੀਦ ਜਤਾਈ ਕਿ ਪ੍ਰਾਇਮਰੀ ਪੱਧਰ ਦੇ ਇਹ ਖਿਡਾਰੀ ਇੱਕ ਦਿਨ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀ ਬਣਨਗੇ ਤੇ ਸਾਡੇ ਦੇਸ਼ ਦਾ ਨਾਮ ਰੌਸ਼ਨ ਕਰਨਗੇ।







# ਬਾਟਲਾ ਹਾਊਸ ਐਨਕਾਊਂਟਰ ਮਾਮਲੇ 'ਚ ਅੱਤਵਾਦੀ ਅਰੀਜ਼ ਖਾਨ ਦੀ ਫਾਂਸੀ ਦੀ ਸਜ਼ਾ ਉਮਰ ਕੈਦ 'ਚ ਤਬਦੀਲ

ਨਵੀਂ ਦਿੱਲੀ, 12 ਅਕਤੂਬਰ (ਪੋਸਟ ਬਿਊਰੋ):ਦਿੱਲੀ ਹਾਈਕੋਰਟ ਨੇ 2008 ਦੇ ਬਾਟਲਾ ਹਾਊਸ ਐਨਕਾਊਂਟਰ ਮਾਮਲੇ 'ਚ ਵੱਡਾ ਫੈਸਲਾ ਸੁਣਾਇਆ ਹੈ। ਅਦਾਲਤ ਨੇ ਦਿੱਲੀ ਪੁਲਿਸ ਇੰਸਪੈਕਟਰ ਮੋਹਨ ਚੰਦਰ ਸ਼ਰਮਾ ਦੀ ਹੱਤਿਆ ਦੇ ਦੋਸ਼ੀ ਅਰੀਜ਼ ਖਾਨ ਦੀ ਮੌਤ ਦੀ ਸਜ਼ਾ ਨੂੰ ਰੱਦ ਕਰ ਦਿੱਤਾ ਹੈ। ਅਦਾਲਤ ਨੇ ਅਰੀਜ਼ ਦੀ ਮੌਤ ਦੀ ਸਜ਼ਾ ਨੂੰ ਘਟਾ ਕੇ ਉਮਰ ਕੈਦ ਕਰ ਦਿੱਤਾ ਹੈ।

ਮਾਰਚ 2021 ਵਿੱਚ, ਦਿੱਲੀ ਦੀ ਇੱਕ ਹੇਠਲੀ ਅਦਾਲਤ ਨੇ ਬਾਟਲਾ ਹਾਊਸ ਮੁਕਾਬਲੇ ਵਿੱਚ ਅਰਿਜ਼ ਖਾਨ ਨੂੰ ਦੋਸ਼ੀ ਠਹਿਰਾਇਆ ਸੀ ਅਤੇ ਉਸਨੂੰ ਮੌਤ ਦੀ ਸਜ਼ਾ ਸੁਣਾਈ ਸੀ। ਇਸ ਦੇ ਨਾਲ ਹੀ ਅਦਾਲਤ ਨੇ ਅਰੀਜ਼ ਖਾਨ 'ਤੇ 11 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਸੀ ਅਤੇ ਮ੍ਰਿਤਕ ਥਾਣੇਦਾਰ ਮੋਹਨ ਚੰਦਰ ਸ਼ਰਮਾ ਦੇ ਪਰਿਵਾਰ ਨੂੰ ਤੁਰੰਤ 10 ਲੱਖ ਰੁਪਏ ਜਾਰੀ ਕਰਨ ਦੇ ਹੁਕਮ ਦਿੱਤੇ ਸਨ। ਅਦਾਲਤ ਨੇ ਆਪਣੇ ਫੈਸਲੇ 'ਚ ਅਰੀਜ਼ ਨੂੰ ਦੋਸ਼ੀ ਕਰਾਰ ਦਿੱਤਾ ਸੀ ਅਤੇ ਕਿਹਾ ਸੀ ਕਿ ਇਹ ਸਾਬਤ ਹੋ ਗਿਆ ਹੈ ਕਿ ਅਰੀਜ਼ ਅਤੇ ਉਸ ਦੇ ਸਾਥੀਆਂ ਨੇ ਪੁਲਸ ਅਧਿਕਾਰੀ ਦੀ ਹੱਤਿਆ ਕੀਤੀ ਸੀ। ਇਸ ਤੋਂ ਬਾਅਦ ਦਿੱਲੀ ਹਾਈਕੋਰਟ ਨੇ ਇਸ ਮਾਮਲੇ 'ਚ ਦਿੱਲੀ ਪੁਲਸ ਅਤੇ ਅਰੀਜ਼ ਦੇ ਵਕੀਲ ਦੀਆਂ ਦਲੀਲਾਂ ਸੁਣਨ ਤੋਂ ਬਾਅਦ ਅਗਸਤ ਮਹੀਨੇ 'ਚ ਆਪਣਾ ਫੈਸਲਾ ਸੁਰੱਖਿਅਤ ਰੱਖ ਲਿਆ ਸੀ।




ਦੇਸ਼ ਦੀ ਰਾਜਧਾਨੀ ਦਿੱਲੀ ਵਿੱਚ ਹੋਏ ਲੜੀਵਾਰ ਬੰਬ ਧਮਾਕਿਆਂ ਤੋਂ ਬਾਅਦ ਮਾਮਲੇ ਦੀ ਜਾਂਚ ਕਰਦੇ ਹੋਏ ਦਿੱਲੀ ਪੁਲਿਸ ਦਾ ਸਪੈਸ਼ਲ ਸੈੱਲ 19 ਸਤੰਬਰ 2008 ਨੂੰ ਜਾਮੀਆ ਇਲਾਕੇ ਦੇ ਬਾਟਲਾ ਹਾਊਸ ਵਿੱਚ ਪਹੁੰਚਿਆ ਸੀ। ਹਾਲਾਂਕਿ, ਪੁਲਿਸ ਅਤੇ ਅੱਤਵਾਦੀਆਂ ਵਿਚਕਾਰ ਮੁਕਾ-ਬਲਾ ਹੋਇਆ ਜਿਸ ਵਿੱਚ ਇੰਸਪੈਕਟਰ ਮੋਹਨ ਚੰਦ ਸ਼ਰਮਾ ਸ਼ਹੀਦ ਹੋ ਗਏ। ਫਿਰ ਆਰਿਜ਼ ਖਾਨ ਮੌਕੇ ਤੋਂ ਫਰਾਰ ਹੋ ਗਿਆ। ਹਾਲਾਂਕਿ, ਪੁਲਿਸ ਨੇ ਖੋਜ ਜਾਰੀ ਰੱਖੀ ਅਤੇ 2018 ਵਿੱਚ ਅਰਿਜ਼ ਨੂੰ ਗ੍ਰਿਫਤਾਰ ਕਰ ਲਿਆ। ਤੁਹਾਨੂੰ ਦੱਸ ਦੇਈਏ ਕਿ ਪੁਲਿਸ ਨੇ ਅਰੀਜ਼ ਨੂੰ ਦੇਸ਼ ਵਿਚ ਪਾਬੰਦੀਸ਼ੁਦਾ ਅੱਤਵਾਦੀ ਸੰਗਠਨ ਇੰਡੀਅਨ ਮੁਜਾਹਿਦੀਨ ਦਾ ਮੈਂਬਰ ਦੱਸਿਆ ਹੈ।




ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post
CLASSIFIEDS
Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ ਕਾਲ ਕਰੋ: 905-793-2202

## ਲੜਕੀ ਦੀ ਲੋੜ

Sikh Ramgarhia Boy, well settled family in Canada is looking for a suitable match for their 32-year-old son. Doing business in Ontario and Winnipeg. Canadian citizen, Height: 5"10', Active in Real Estate and Financing Business. Call: 204-510-7658 or 437-881-7282

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋ-ਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11", B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈੱਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11" ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ।ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ।ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661

## ਲੜਕੇ ਦੀ ਲੋੜ

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090,
ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁੱਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿੱਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ:9478403300


ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11" ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com












# ਡਾ. ਕਲਾਮ ਨੂੰ ਸਮਰਪਿਤ ਗੁਲਜ਼ਾਰ ਗਰੁੱਪ ਦਾ ਵਿਸ਼ਵ ਵਿਦਿਆਰਥੀ ਦਿਵਸ ਖੱਟੀਆਂ ਮਿੱਠੀਆਂ ਯਾਦਾਂ ਛੱਡਦਾ ਹੋਇਆ ਸਮਾਪਤ

## * ਦੂਜੇ ਦਿਨ 53 ਸਕੂਲਾਂ ਦੇ 5785 ਵਿਦਿਆਰਥੀਆਂ ਨੇ ਕੀਤੀ ਸ਼ਿਰਕਤ




ਭਾਰਤ ਰਤਨ ਸਾਬਕਾ ਰਾਸ਼ਟਰਪਤੀ ਡਾ। ਅਬਦੁਲ ਕਲਾਮ ਦੇ ਜਨਮ ਦਿਹਾੜੇ ਨੂੰ ਸਮਰਪਿਤ ਵਿਸ਼ਵ ਵਿਦਿਆਰਥੀ ਦਿਵਸ ਨੂੰ ਸਮਰਪਿਤ ਸਾਇੰਸ ਅਤੇ ਸਭਿਆਚਾਰ ਦੇ ਰੰਗਾਂ ਵਿਚ ਡੁੱਬਿਆਂ ਦੋ ਦਿਨਾਂ ਸਮਾਰੋਹ ਖੱਟੀਆਂ ਮਿੱਠੀਆਂ ਯਾਦਾਂ ਛੱਡਦਾ ਸਮਾਪਤ ਹੋ ਗਿਆ। ਇਸ ਸਮਾਗਮ ਵਿਚ ਦੂਜੇ ਦਿਨ 53 ਸਕੂਲਾਂ ਦੇ 5785 ਵਿਦਿਆਰਥੀਆਂ ਨੇ ਸ਼ਿਰਕਤ ਕਰਦੇ ਹੋਏ ਵੱਖ ਵੱਖ ਕੈਟਾਗਰੀਆਂ ਵਿਚ ਸਖ਼ਤ ਟੱਕਰ ਦਿਤੀ। ਇਸ ਮੌਕੇ ਤੇ ਸਕੂਲੀ ਵਿਦਿਆਰਥੀਆਂ ਅਤੇ ਗੁਲਜ਼ਾਰ ਗਰੁੱਪ ਵੱਲੋਂ ਪੇਸ਼ ਕੀਤੇ ਮਾਡਲ ਖ਼ਾਸ ਖਿੱਚ ਦੇ ਕੇਂਦਰ ਰਹੇ। ਇਸ ਦੇ ਇਲਾਵਾ ਸਟੇਜ ਤੇ ਵਿਦਿਆਰਥੀਆਂ ਵੱਲੋਂ ਗਰੁੱਪ ਅਤੇ ਸਿੰਗਲ ਡਾਂਸ ਅਤੇ ਭਾਰਤੀ ਸਭਿਆਚਾਰਕ ਨਾਚ ਆਪਣੀ ਖ਼ੂਬਸੂਰਤ ਝਲਕ ਵਿਖਾਉਂਦੇ ਦਿਖਾਈ ਦਿਤੇ। ਬੇਸ਼ੱਕ ਸਬ ਸਕੂਲਾਂ ਦੇ ਵਿਦਿਆਰਥੀਆਂ ਨੇ ਸਖ਼ਤ ਮੁਕਾਬਲਾ ਦਿਤਾ। ਪਰ ਅਖੀਰ ਵਿਚ ਪੰਜਾਹ ਦੇ ਕਰੀਬ ਵੱਖ ਵੱਖ ਕੈਟਾਗਰੀਆਂ ਵਿਚ ਵਿਦਿਆਰਥੀਆਂ ਨੇ ਇਨਾਮ ਹਾਸਿਲ ਕੀਤੇ।

ਕਵਿਤਾ ਉਚਾਰਨ ਵਿਚ ਸੰਤ ਕਿਰਪਾਲ ਸਿੰਘ ਸੇਵਾ ਪੰਥੀ ਸਕੂਲ ਨੀਲੋਂ ਨੇ ਪਹਿਲਾ, ਪੀਸ ਪਬਲਿਕ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ। ਮਾਈਮ ਵਿਚ ਕਾਲਗੀਧਰ ਅਕੈਡਮੀ ਨੇ ਪਹਿਲਾ ਸਥਾਨ ਹਾਸਲ ਕੀਤਾ। ਸੋਲੋ ਗੀਤ ਵਿਚ ਸੇਂਟ ਥਾਮਸ ਸਕੂਲ ਨੇ ਪਹਿਲਾ ਜਦਕਿ ਸਰਕਾਰੀ ਸਕੂਲ ਖੰਨਾ ਨੇ ਦੂਜਾ ਸਥਾਨ ਹਾਸਲ ਕੀਤਾ। ਗਰੁੱਪ ਸਾਂਗ ਵਿਚ ਹਰਕ੍ਰਿਸ਼ਨ ਪਬਲਿਕ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ। ਸੋਲੋ ਡਾਂਸ ਵਿਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਲੁਧਿਆਣਾ ਨੇ ਪਹਿਲਾ, ਸੰਤ ਕਿਰਪਾਲ ਸਿੰਘ ਸਕੂਲ, ਲੁਧਿਆਣਾ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਗਰੁੱਪ ਡਾਂਸ ਵਿਚ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਲੁਧਿਆਣਾ ਨੇ ਪਹਿਲਾ, ਸਪਰਿੰਗ ਡੇਲ ਸਕੂਲ ਨੇ ਦੂਜਾ ਸਥਾਨ ਹਾਸਲ ਕੀਤਾ। ਪੋਸਟਰ ਮੇਕਿੰਗ ਅਤੇ ਫੇਸ ਪੇਂਟਿੰਗ ਵਿਚ ਸੇਂਟ ਥਾਮਸ ਸੇਨ। ਸੈਕ। ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ। ਮਹਿੰਦੀ ਵਿਚ ਜੀ।ਐਸ।ਐਸ। ਸਕੂਲ, ਮਾਡਲ ਟਾਊਨ, ਲੁਧਿਆਣਾ ਨੇ ਪਹਿਲਾ ਸਥਾਨ ਹਾਸਲ ਕੀਤਾ। ਜਦਕਿ ਰੰਗੋਲੀ ਵਿਚ ਸਪਰਿੰਗ ਡੇਲ ਪਬਲਿਕ ਸਕੂਲ ਨੇ ਪਹਿਲਾ ਸਥਾਨ ਹਾਸਲ ਕੀਤਾ। ਗਿੱਧੇ ਅਤੇ ਭੰਗੜੇ ਵਿਚ ਸ੍ਰੀ ਹਰਕ੍ਰਿਸ਼ਨ ਪਬਲਿਕ ਸਕੂਲ ਡਾਬਾ ਰੋਡ ਪਹਿਲੇ ਸਥਾਨ 'ਤੇ ਰਿਹਾ।



ਇਸ ਮੌਕੇ ਤੇ ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕਰਦੇ ਹੋਏ ਗੁਲਜ਼ਾਰ ਗਰੁੱਪ ਦੇ ਚੇਅਰਮੈਨ ਗੁਰਚਰਨ ਸਿੰਘ ਨੇ ਸਾਬਕਾ ਰਾਸ਼ਟਰਪਤੀ ਡਾ। ਅਬਦੁਲ ਕਲਾਮ ਨੂੰ ਸਮਰਪਿਤ ਸਕਾਲਰਸ਼ਿਪ ਸ਼ੁਰੂ ਕਰਨ ਦਾ ਐਲਾਨ ਕੀਤਾ । ਉਨ੍ਹਾਂ ਕਿਹਾ ਕਿ 80% ਤੋਂ ਵੱਧ ਨੰਬਰ ਲੈਣ ਵਾਲੇ ਵਿਦਿਆਰਥੀਆਂ ਨੂੰ ਸਕਾਲਰਸ਼ਿਪ ਦਿਤੀ ਜਾਵੇਗੀ ਭਾਵੇ ਉਹ ਕਿਸੇ ਵੀ ਵਰਗ ਨਾਲ ਸਬੰਧਿਤ ਰੱਖਦਾ ਹੋਵੇ। ਇਸ ਸਕਾਲਰਸ਼ਿਪ ਵਿਚ ਵਿਦਿਆਰਥੀ ਦੀ ਫ਼ੀਸ ਮਾਫ਼ ਕੀਤੀ ਜਾਵੇਗੀ। ਗੁਲਜ਼ਾਰ ਗਰੁੱਪ ਦੇ ਐਗਜ਼ੀਕਿਊਟਿਵ ਡਾਇਰੈਕਟਰ ਗੁਰਕੀਰਤ ਸਿੰਘ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਇਸ ਈਵੈਂਟ ਦਾ ਮੁੱਖ ਮੰਤਵ ਵੀ ਪਿੰਡਾਂ ਕਸਬਿਆਂ ਅਤੇ ਸ਼ਹਿਰ ਦੇ ਸਕੂਲਾਂ ਵਿਚ ਪੜ੍ਹ ਰਹੇ ਟੈਲੰਟ ਨੂੰ ਲੱਭਣਾ ਸੀ ਤਾਂ ਕਿ ਯੋਗ ਵਿਦਿਆਰਥੀਆਂ ਨੂੰ ਅੱਗੇ ਆਉਣ ਲਈ ਪਲੇਟਫ਼ਾਰਮ ਮਿਲ ਸਕੇ। ਇਸ ਦੇ ਨਾਲ ਹੀ ਗੁਰਕੀਰਤ ਸਿੰਘ ਨੇ ਖੇਡਾਂ ਵਿਚ ਵੀ ਵਧੀਆਂ ਕਾਰਗੁਜ਼ਾਰੀ ਕਰਨ ਵਾਲੇ ਵਿਦਿਆਰਥੀਆਂ ਲਈ ਸਪੈਸ਼ਲ ਸਕਾਲਰਸ਼ਿਪ ਦਾ ਐਲਾਨ ਕੀਤਾ।

# ਦੋ ਵਾਰ ਜਿਲ੍ਹਾ ਪੱਧਰੀ ਮੁਕਾਬਲੇ ਵਿੱਚ ਜੇਤੂ ਰਹੀ ਰਾਜੀਆ ਸਕੂਲ ਦੀ ਕਬੱਡੀ ਟੀਮ ਦਾ ਕੀਤਾ ਸਨਮਾਨ



ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੀਆ ਦੇ ਜਿਲ੍ਹਾ ਜੇਤੂ ਖਿਡਾਰੀਆਂ ਦਾ ਸਨਮਾਨ ਕਰਦੇ ਹੋਏ ਪ੍ਰਿੰਸੀਪਲ ਅਤੇ ਪਤਵੰਤੇ।

ਬਰਨਾਲਾ, 12 ਅਕਤੂਬਰ (ਪੋਸਟ ਬਿਊਰੋ) : ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਰਾਜੀਆ ਦੀ ਅੰਡਰ 17 ਸਾਲ ਲੜਕਿਆਂ ਦੀ ਟੀਮ ਨੇ ਖੇਡਾਂ ਵਤਨ ਪੰਜਾਬ ਦੀਆਂ ਅਤੇ ਸਕੂਲੀ ਖੇਡਾਂ ਵਿੱਚੋਂ ਜਿਲ੍ਹੇ ਭਰ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੇ ਸਕੂਲ, ਅਧਿਆਪਕਾਂ, ਮਾਪਿਆਂ ਅਤੇ ਪਿੰਡ ਦਾ ਨਾਮ ਰੌਸ਼ਨ ਕੀਤਾ ਹੈ। ਸਕੂਲ ਵੱਲੋਂ ਜਿੱਤ ਦੀ ਖੁਸ਼ੀ ਵਿੱਚ ਇੱਕ ਸਮਾਗਮ ਕਰਵਾ ਕੇ ਖਿਡਾਰੀਆਂ ਨੂੰ ਵਿਸੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਸਕੂਲ ਦੇ ਡੀ।ਡੀ।ਓ। ਪ੍ਰਿੰਸੀਪਲ ਅਨਿਲ ਮੋਦੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਅਤੇ ਖਿਡਾਰੀਆਂ, ਸਮੂਹ ਸਟਾਫ, ਸਕੂਲ ਮਨੇਜਮੈਂਟ ਕਮੇਟੀ ਅਤੇ ਸਕੂਲ ਇੰਚਾਰਜ ਪਰਮਿੰਦਰ ਕੌਰ ਨੂੰ ਵਧਾਈਆਂ ਦਿੰਦੇ ਹੋਏ ਕਿਹਾ ਕਿ ਇਸ ਪ੍ਰਾਪਤੀ ਦਾ ਸਿਹਰਾ ਜਿੱਥੇ ਇਹਨਾਂ ਦੇ ਕੋਚ ਗੁਰਚਰਨ ਸਿੰਘ ਬੇਦੀ ਡੀ।ਪੀ।ਈ। ਨੂੰ ਜਾਂਦਾ ਹੈ, ਉਥੇ ਬੱਚਿਆਂ ਦੀ ਮਿਹਨਤ ਅਤੇ ਸਮੂਹ ਸਟਾਫ ਦਾ ਵੀ ਯੋਗਦਾਨ ਹੈ। ਇਸ ਮੌਕੇ ਵਿਦਿਆਰਥੀਆਂ ਵੱਖ-ਵੱਖ ਸੱਭਿਆਚਾਰਕ ਵੰਨਗੀਆਂ ਦੀ ਸ਼ਾਨਦਾਰ ਪੇਸ਼ਕਾਰੀ ਕੀਤੀ। ਸਟੇਜ ਸਕੱਤਰ ਦੀ ਭੂਮਿਕਾ ਰਣਜੀਤ ਕੌਰ ਨੇ ਬਾਖੂਬੀ ਨਿਭਾਈ। ਇਸ ਮੌਕੇ ਸਕੂਲ ਮਨੇਜਮੈਂਟ ਕਮੇਟੀ ਦੇ ਚੇਅਰਮੈਨ ਜਗਸੀਰ ਸਿੰਘ, ਸਾਬਕਾ ਸਰਪੰਚ ਸੁਦਾਗਰ ਸਿੰਘ, ਬਲਵਿੰਦਰ ਸਿੰਘ ਸਮਾਜ ਸੇਵੀ, ਸਾਬਕਾ ਫੌਜੀ ਗੁਰਸੇਵਕ ਸਿੰਘ, ਮਨਜੀਤ ਸਿੰਘ, ਵਾਇਸ ਚੇਅਰਮੈਨ ਬਲਜਿੰਦਰ ਕੌਰ ਅਤੇ ਵਿਦਿਆਰਥੀਆਂ ਦੇ ਮਾਪੇ ਹਾਜ਼ਰ ਸਨ।

URGENTLY NEED NEW LISTINGS IN BRAMPTON/CALEDON
visit: www.teamjagaujla.com

ADVERTISEMENT GUARANTEED TILL SOLD
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
MCNE
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED/SOLD IN YOUR NEIGHBOURHOOD

**SHELBURNE** (Simon St /Hwy 89)

ਬਿਲਕੁਲ ਸ਼ਾਨਦਾਰ ਤੇ ਸਾਫ ਸੁਧਰਾ ਸੈਮੀ ਡਿਟੈਚ ਬੰਗਲੌ, ਸ਼ਾਤ ਕੰਮੂਨਿਟੀ ਵਿੱਚ, ਬਹੁਤ ਸਾਰੀਆਂ ਅਪਗ੍ਰੇਡਜ਼ ਤੇ 2023 ਵਿੱਚ ਹੋਈ ਰੈਨੋਵਸ਼ਨ। 3+2 ਬੈਡਰੂਮ ਤੇ 3 ਵਾਸ਼ਰੂਮ ਘਰ ਨੂੰ ਫਿਨੀਸ਼ਡ ਬੈਸਮੈਂਟ, ਪੋਟ ਲਾਇਟਸ ਆਦਿ।

**CAMBRIDGE** (Speedsville/Equestrian Way)

ਐਂਡ ਯੁਨਿਟ ਕਾਨ੍ਰਰ ਲਾਟ ਨੂੰ ਖੁਲ੍ਹਾ ਡੁਲ੍ਹਾ ਕਰਬ ਤੇ ਖ਼ੁਬਸੂਰਤ ਵਿਊ। 2020 ਵਿੱਚ ਬਣਿਆ, 1896 ਸਕੇਅਰ ਫੁਟ ਦਾ ਫ੍ਰੀ ਹੋਲਡ ਟਾਊਨਹੋਮ ਜਿਸ ਨੂੰ 4 ਬੈਡਰੂਮ ਤੇ 3 ਵਾਸ਼ਰੂਮ। ਲੈਮੀ-ਨੇਟਡ ਫਲੋਰ। ਹਾਈਵੇ 401, ਪਾਰਕ ਤੇ ਸਕੂਲ ਦੇ ਨੇੜੇ।

**BRAMPTON** (Mclaughlin / Steeles / Mavis)

ਸੋਹਣੇ ਤੇ ਸ਼ਾਨਦਾਰ ਡਿਟੈਚ ਘਰ ਨੂੰ ਬਹੁਤ ਸਾਰੀਆਂ ਅਪਗ੍ਰੇਡਜ਼। 2200 ਸਕੇਅਰ ਫੁਟ ਵਿੱਚ 4+1 ਬੈਡਰੂਮ ਤੇ 4 ਵਾਸ਼ਰੂਮ ਨੂੰ ਫਿਨੀਸ਼ਡ ਬੈਸਮੈਂਟ। ਸ਼ੈਰੀਡਨ ਕਾਲਜ ਦੇ ਨੇੜੇ ਤੇ ਹੋਰ ਵੀ ਬਹੁਤ ਕੁਝ। ਸੰਪਰਕ ਕਰੋ।

**BRAMPTON** (Wanless/Mclaughlin)

ਸ਼ਾਨਦਾਰ ਤੇ ਸਾਫ ਸੁਧਰਾ, 2016 ਵਿੱਚ ਬਣਿਆ 4364 ਸਕੇਅਰ ਫੁਟ ਦਾ ਡਿਟੈਚ ਘਰ 4 ਬੈਡਰੂਮ ਤੇ 5 ਵਾਸ਼ਰੂਮ ਤੇ ਨਾਲ ਹੀ ਫਿਨੀਸ਼ਡ ਬੈਸਮੈਂਟ ਜਿਸ ਨੂੰ ਸੇਪਰੈਟ ਏਂਨਟਰੈਂਸ। ਬਹੁਤ ਸਾਰੀਆਂ ਅਪਗ੍ਰੇਡਜ਼ ਤੇ ਹੋਰ ਵੀ ਬਹੁਤ ਕੁਝ।

FREE
- Full MLS services
- Consistent marketing until your property is sold
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold
- Competitive rates, exceptional service & award winning results

RE/MAX REALTY SPECIALISTS INC.
Ph:905-456-3232 **Based on units sold & commissions **Some conditions apply
*Seller & Jag Aujla Broker of RE/MAX Realty Specialist Inc. must agree on the terms & conditions, closing date and listing price at the time of listing. Guaranteed program only for peel region homes under $1 million price.
Call: JAG AUJLA Dir: 416-371-7777
MCNE, Real Estate Broker
NOT INTENDED TO SOLICIT BUYERS OR SELLERS CURRENTLY UNDER CONTRACT

Dr. Randhawa Dentistry


Your own dentist who really cares for you
We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist
New Patients welcome
Deal Directly with all Insurance Companies
- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜਰ ਨਹੀਂ ਆਉਂਦੀਆਂ
Show Your Smile More With Invisible Braces!


FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044





Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ

ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com

LOCAL & LONG DISTANCE MOVING

# H.K. MOVERS

VANCOUVER - CALGARY - EDMONTON - WINNIPEG - TORONTO - OTTAWA - MONTREAL

CANADA'S MOVING COMPANY




WE MOVE COAST TO COAST WITHIN CANADA ,
WE DO INTERNATIONAL SHIPPING AND WE ALSO SHIP CARS

Best Business of 2023 ThreeBest Rated Excellence

Call: 416.524.6704
www.hkmovers.ca

2023 ThreeBest Rated Certificate OF EXCELLENCE THREE BEST RATED

SAFE, RELIABLE AND EFFICIENT SERVICE AT THE BEST RATES

ASIAN FOOD CENTRE

Dussehra & Navratri SALE

www.AsianFoodCentre.com
12TH OCT TO 23TH OCT 2023
Fresh Fruits, Vegetables, Indian & Canadian Grocery

- $11.99 EA — MEERA WHOLE WHEAT ATTA
- $13.99 10LB — SHER MULTIGRAIN ATTA
- $12.99 9.07KG — QUALITY WHOLE WHEAT ATTA
- $15.99 20LB — SWARNA MULTIGRAIN ATTA
- $5.99 4LB — SHER BESAN
- $12.99 10LB — MEERA BESAN
- $6.99 750ML — GURU JI BADAM & KESHARIA THANDAI SYRUP
- $4.29 750ML — GURU JI JEERA & KHUS SYRUP
- 2 FOR $1 EA — MAGGI MASALA
- $4.49 300G — KHALSA PANEER
- $7.99 25PCS — POPULAR PARATHA
- $3.29 (960 GM)EA — POPULAR PARATHA
- $11.99 10LB — INDIA GATE ROZZANA RICE
- $1.99 400G — THAKAR HOME STYLE ASST. PARATHA
- $4.99 1LB — ALMONDS
- $25.99 3.5LB — VERKA DESI GHEE
- $6.99 1LTR — DABUR MUSTARD OIL
- $4.29 — BRITANNIA CAKE RUSK
- $4.29 372G — BRITANNIA MASKA CHASKA
- 2 FOR $1 80GM — BRITANNIA NICE TIME
- $4.99 4LB — ASIAN BLACK CHANNA
- $2.49 250G — HALDIRAM SOAN PAPDI
- $1.99 60G — RESHMA BLACK/BROWN MEHNDI
- $10.99 10LB — VERKA BROWN SUGAR
- $6.99 1.7 KG — TASTY FROZEN PEAS
- $9.99 2LB — WAGHBAKRI TEA
- $1.79 1L — FROOTI
- $2.49 400GM — POPULAR SAMOSA/SPRING ROLLS
- $3.49 350G — THAKAR MATAR KULCHA
- $7.99 1.2KG — HALDIRAM FAMILY PACK NAAN
- $1.49 EA — SANTOSH NAAN
- $1.79 305GM — BRITANNIA TOASTEA SUJI RUSK
- $1.49 EXCEPT PANEER — AASHIRVAAD NAAN/PARATHA (EXCEPT PANEER)
- $2.79 EA — RUBICON ASST. JUICE
- $7.99 EA — SAVERA RASMALAI
- $4.29 EA — HALDIRAM PANI PURI
- $3.29 EA — UDUPI ASST FROZEN
- $7.99 EA — APNA TASTE RASMALAI
- $5.99 EA — APNA TASTE GULAB JAMUN
- $3.49 EA — DEEP KESAR MANGO PULP
- $3.99 EA — AAP KI PASAND SOYA TIKKA CHAAP
- $3.99 EA — AAP KI PASAND SOYA CHAAP
- $5.99 341GM — SAVERA KHOA

WE HAVE VARIETY OF NAVRATRI ITEMS AVAILABLE

Variety of Indian Sweets Available

| ETOBICOKE | MISSISSAUGA | BRAMPTON | BRAMPTON | BRAMPTON |
|---|---|---|---|---|
| 10 Westmore Dr. 416-740-3262 (MEAT SHOP AVAILABLE) | 1075 Ceremonial Dr. 905-502-1600 (MEAT SHOP AVAILABLE) | 621 Wanless Dr. 905-495-3336 (MEAT SHOP AVAILABLE) | 2120 N Park Dr. 905-793-1338 (MEAT SHOP AVAILABLE) | 80 Pertosa Dr. 905-460-0009 |

| BRAMPTON | BRAMPTON | BRAMPTON | TOLL FREE |
|---|---|---|---|
| 40 Airport RD & Lacoste Blvd. 905-794-8109 (MEAT SHOP AVAILABLE) | 10510 Torbram Rd. 905-790-0030 | 10 Pannahill Dr. 905-913-8017 (MEAT SHOP AVAILABLE) | 1-800-708-9232 |

We reserve the right to limit the quantity. Prices subject to change without notice, while supplies last. Product images are for illustration purpose only. Design & Print by InfoTech Media